- ਅਨਦਿਨੁ ਜਪਉ ਗੁਰੂ ਗੁਰ ਨਾਮ॥ (੨੦੨)

- ਅੰਮ੍ਰਿਤੁ ਨਾਮੁ ਪੀਆ ਦਿਨ ਰਾਤੀ ਦੁਬਿਧਾ ਮਾਰਿ ਨਿਵਾਰੇ॥ (੨੪੫)

- ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ॥ (੨੮੯)

- ਕਬ ਕੋ ਭਾਲੈ ਘੁੰਘਰੂ ਤਾਲਾ ਕਬ ਕੋ ਬਜਾਵੈ ਰਬਾਬੁ॥
  ਆਵਤ ਜਾਤ ਬਾਰ ਖਿਨੁ ਲਾਗੈ ਹਉ ਤਬ ਲਗੁ ਸਮਾਰਉ ਨਾਮੁ॥ (੩੬੮)

- ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ॥ (੩੬੯)

- ਸਦਾ ਸਦਾ ਨਾਮੁ ਉਚਰੈ ਹਰਿ ਨਾਮੋ ਨਿਤ ਬਿਉਹਾਰੁ॥ (੫੮੯)

- ਸੁਣਿ ਸੁਣਿ ਅੰਮ੍ਰਿਤ ਨਾਮੁ ਧਿਆਵਾ॥ ਆਠ ਪਹਰ ਤੇਰੇ ਗੁਣ ਗਾਵਾ॥ (੭੪੦)

(੯) ਨਾਮ ਰਤੇ ਪੁਰਸ਼ਾਂ ਦੀ ਸੰਗਤਿ:-

- ਭਾਈ ਰੇ ਇਕ ਮਨਿ ਨਾਮੁ ਧਿਆਇ॥ ਸੰਤਾ ਸੰਗਤਿ ਮਿਲਿ ਰਹੈ ਜਪਿ ਰਾਮ ਨਾਮੁ ਸੁਖੁ ਪਾਇ॥ (੩੧)

- ਤਿਨਾ ਪਿਛੈ ਛੁਟੀਐ ਜਿਨ ਅੰਦਰਿ ਨਾਮੁ ਨਿਧਾਨੁ॥ (੮੨)

- ਜਿਨ ਕਉ ਸਾਧੂ ਸੰਗੁ ਨਾਮ ਹਰਿ ਰੰਗੁ ਤਿਨੀ ਬ੍ਰਹਮ ਬੀਚਾਰਿਆ ਜੀਉ॥ (੮੧)

- ਰੈਣਿ ਸੁਹਾਵੜੀ ਦਿਨਸੁ ਸੁਹੇਲਾ॥ ਜਪਿ ਅੰਮ੍ਰਿਤ ਨਾਮੁ ਸੰਤਸੰਗਿ ਮੇਲਾ॥ (੧੦੭)

- ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ॥ (੧੩੩)

- ਆਵਹੁ ਸੰਤਹੁ ਮਿਲਿ ਨਾਮੁ ਜਪਾਹਾ॥ ਵਿਚਿ ਸੰਗਤਿ ਨਾਮੁ ਸਦਾ ਲੈ ਲਾਹਾ ਜੀਉ॥ (੧੭੩)

- ਸਾਧਸੰਗਿ ਪਾਈਐ ਨਿਧਿ ਨਾਮਾ॥ (੧੮੯)

- ਹਰਿ ਹਰਿ ਨਾਮੁ ਸੰਤਨ ਕੈ ਸੰਗਿ॥ (੧੯੭)

- ਸੰਤਸੰਗਿ ਜਪਿ ਕੇਵਲ ਨਾਉ॥ (੧੯੯)

- ਜਾ ਕੀ ਭਗਤਿ ਹੇਤੁ ਮੁਖਿ ਨਾਮੁ॥ ਸੰਤ ਭਗਤ ਕੀ ਸੰਗਤਿ ਰਾਮੁ॥ (੪੧੬)

- ਸਤਸੰਗਤਿ ਸਾਧੂ ਲਗਿ ਹਰਿ ਨਾਮਿ ਸਮਾਈਐ॥ (੬੪੩)

(੧੦) ਸਰੀਰਕ ਰਸਾਂ ਕਸਾਂ ਦਾ ਤਿਆਗ:-

- ਏਤੇ ਰਸ ਸਰੀਰ ਕੇ ਕੈ ਘਟਿ ਨਾਮ ਨਿਵਾਸੁ॥ (੧੫)

- ਰਾਮ ਨਾਮੁ ਘਟ ਅੰਤਰਿ ਨਾਹੀ ਹੋਰਿ ਜਾਣੈ ਰਸ ਕਸ ਮੀਠੇ॥ (੭੫)

- ਕਾਮੁ ਕ੍ਰੋਧੁ ਲੋਭੁ ਤਿਆਗੁ॥ ਮਨਿ ਸਿਮਰਿ ਗੋਬਿੰਦ ਨਾਮ॥ (੪੦੮)

- ਸਤੁ ਸੰਤੋਖੁ ਕਰਿ ਭਾਉ ਤੋਸਾ ਹਰਿ ਨਾਮੁ ਸੇਇ॥ ਮਨਹੁ ਛੋਡਿ ਵਿਕਾਰ ਸਚਾ ਸਚੁ ਦੇਇ॥ (੪੨੨)

- ਕਾਮੁ ਕਰੋਧੁ ਕਪਟੁ ਬਿਖਿਆ ਤਜਿ ਸਚੁ ਨਾਮੁ ਉਰਿ ਧਾਰੇ॥ (੪੩੭)

(੧੧) ਗੁਰੂ ਰੂਪ ਸਾਧ ਸੰਗਤਿ ਦੀ ਸੇਵਾ:-

- ਗੁਰ ਸੇਵਾ ਨਾਉ ਪਾਈਐ ਸਚੇ ਰਹੈ ਸਮਾਇ॥ (੩੩)

- ਧੰਨੁ ਧਨੁ ਸੇਵਾ ਸਫਲ ਸਤਿਗੁਰੁ ਕੀ ਜਿਤੁ ਹਰਿ ਹਰਿ ਨਾਮੁ ਜਪਿ ਹਰਿ ਸੁਖੁ ਪਾਇਆ॥ (੧੬੬)

- ਸਤਿਗੁਰ ਸੇਵੇ ਤਾ ਨਾਮੁ ਪਾਏ ਨਾਮੇ ਹੀ ਸੁਖੁ ਪਾਇਦਾ॥ (੧੦੬੪)

(੧੨) ਕੁਸੰਗੀਆਂ ਤੋਂ ਦੂਰ ਰਹਿਣਾ:-

- ਤੇ ਸਾਕਤ ਚੋਰ ਜਿਨਾ ਨਾਮੁ ਵਿਸਾਰਿਆ ਮਨ ਤਿਨ ਕੈ ਨਿਕਟਿ ਨ ਭਿਟੀਐ॥ (੧੭੦)

- ਹਰਿ ਹਰਿ ਤਿਨ ਕਾ ਦਰਸੁ ਨ ਕਰੀਅਹੁ ਜਿਨੀ ਹਰਿ ਹਰਿ ਨਾਮੁ ਨ ਧਿਆਇਆ॥ (੫੭੪)

- ਸਾਕਤ ਸਿਉ ਮਨ ਮੇਲੁ ਨ ਕਰੀਅਹੁ ਜਿਨਿ ਹਰਿ ਹਰਿ ਨਾਮੁ ਬਿਸਾਰੇ॥
  ਸਾਕਤ ਬਚਨ ਬਿਛੂਆ ਜਿਉ ਡਸੀਐ ਤਜਿ ਸਾਕਤ ਪਰੈ ਪਰਾਰੇ॥ (੯੮੧)

(੧੩) ਅੰਮ੍ਰਿਤ ਵੇਲੇ ਦੀ ਸੰਭਾਲ ਅਤੇ ਉਦਮ:-
- ਝਾਲਾਘੇ ਉਠਿ ਨਾਮੁ ਜਪਿ ਨਿਸਿ ਬਾਸੁਰ ਆਰਾਧਿ॥ (੨੫੫)

- ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ॥ (੩੦੫)

- ਉਦਮੁ ਕਰਤ ਆਨਦੁ ਭਇਆ ਸਿਮਰਤ ਸੁਖ ਸਾਰੁ॥ ਜਪਿ ਜਪਿ ਨਾਮੁ ਗੋਬਿੰਦ ਕਾ ਪੂਰਨ ਬੀਚਾਰੁ॥ (੮੧੫)

- ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ॥ (੧੩੩੦)

- ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ॥ (੨)

(੧੧) ਪਾਰਬ੍ਰਹਮ, ਸਤਿਗੁਰੂ, ਨਾਮ ਅਤੇ ਬਾਣੀ ਭਿੰਨ ਭਿੰਨ ਰੂਪ ਵਿਚਿ:-

- ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ॥ ਸਤਿਗੁਰਿ ਸੇਵਿਐ ਰਿਦੈ ਸਮਾਣੀ॥
  ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭੁ ਭੁਖ ਲਹਿ ਜਾਵਣਿਆ॥ (੧੧੯)

- ਗੁਰਬਾਣੀ ਤੇ ਹਰਿ ਮੰਨਿ ਵਸਾਏ॥ ਨਾਨਕ ਸਾਚਿ ਰਤੇ ਪ੍ਰਭਿ ਆਪਿ ਮਿਲਾਏ॥ (੬੬੪)

- ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ॥ ਊਤਮ ਬਾਣੀ ਸਬਦੁ ਸੁਣਾਏ॥
- ਪ੍ਰਭ ਸਾਚੇ ਕੀ ਸਾਚੀ ਕਾਰ॥ ਨਾਨਕ ਨਾਮਿ ਸਵਾਰਣਹਾਰ॥ (੬੬੪)

(੧੨) ਪਾਰਬ੍ਰਹਮ, ਸਤਿਗੁਰੂ, ਨਾਮ ਅਤੇ ਬਾਣੀ ਦੀ ਅਭੇਦਤਾ:-

- ਨਿਰਮਲ ਸਬਦੁ ਨਿਰਮਲ ਹੈ ਬਾਣੀ ॥ ਨਿਰਮਲ ਜੋਤਿ ਸਭ ਮਾਹਿ ਸਮਾਣੀ ॥
  ਨਿਰਮਲ ਬਾਣੀ ਹਰਿ ਸਾਲਾਹੀ ਜਪਿ ਹਰਿ ਨਿਰਮਲੁ ਮੈਲੁ ਗਵਾਵਣਿਆ ॥
  ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ ॥ ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ ॥
  ਨਿਰਮਲ ਗਿਆਨੁ ਧਿਆਨੁ ਅਤਿ ਨਿਰਮਲੁ ਨਿਰਮਲ ਬਾਣੀ ਮੰਨਿ ਵਸਾਵਣਿਆ ॥
  ਜੋ ਨਿਰਮਲੁ ਸੇਵੇ ਸੁ ਨਿਰਮਲੁ ਹੋਵੈ ॥ ਹਉਮੈ ਮੈਲੁ ਗੁਰ ਸਬਦੇ ਧੋਵੈ ॥
  ਨਿਰਮਲ ਵਾਜੈ ਅਨਹਦ ਧੁਨਿ ਬਾਣੀ ਦਰਿ ਸਚੈ ਸੋਭਾ ਪਾਵਣਿਆ ॥ (੧੨੧)

- ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ॥ਸਚਾ ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ॥ (੬੪੬)

- ਹਰਿ ਜੀਉ ਸਚਾ ਸਚੁ ਹੈ ਸਚੀ ਗੁਰਬਾਣੀ॥ਸਤਿਗੁਰ ਤੇ ਸਚੁ ਪਛਾਣੀਐ ਸਚਿ ਸਹਜਿ ਸਮਾਣੀ॥ (੫੧੫)

- ਸਚਾ ਸਬਦੁ ਸਚੀ ਹੈ ਬਾਣੀ॥ ਗੁਰਮੁਖਿ ਵਿਰਲੈ ਕਿਨੈ ਪਛਾਣੀ॥
ਸਚੇ ਸਬਦਿ ਰਤੇ ਬੈਰਾਗੀ ਆਵਣੁ ਜਾਣੁ ਰਹਾਈ ਹੇ॥(੧੦੪੪)

- ਆਪੇ ਆਪਿ ਆਪਿ ਸਾਲਾਹੇ॥ ਤੇਰੇ ਗੁਣ ਪ੍ਰਭ ਤੁਝ ਹੀ ਮਾਹੇ॥
ਤੂ ਆਪਿ ਸਚਾ ਤੇਰੀ ਬਾਣੀ ਸਚੀ ਆਪੇ ਅਲਖੁ ਅਥਾਹਾ ਹੇ॥ (੧੦੫੭)

(੧੩) ਗੁਰਮਤਿ ਨਾਮੁ ਪ੍ਰਾਪਤੀ ਦੇ ਉਤਮ ਫਲ:-

- ਹਰਿ ਕੇ ਨਾਮ ਕੀ ਵਡਿਆਈ॥ ਕੀਮਤਿ ਕਹਣੁ ਨ ਜਾਈ॥ (੯੯੦)

(੧) ਅੰਦੇਸਿਆ ਸੰਸਿਆਂ ਦਾ ਨਾਸ:-

- ਰਾਮ ਜਨਾ ਕਉ ਰਾਮ ਭਰੋਸਾ॥ ਨਾਮੁ ਜਪਤ ਸਭੁ ਮਿਟਿਓ ਅੰਦੇਸਾ॥ (੧੯੪)

- ਮਿਟਿ ਗਈ ਗਣਤ ਬਿਨਾਸਿਉ ਸੰਸਾ॥ ਨਾਮਿ ਰਤੇ ਜਨ ਭਏ ਭਗਵੰਤਾ॥ (੧੯੪)

- ਹਰਿ ਹਰਿ ਨਾਮੁ ਮੇਰੈ ਪ੍ਰਾਨਿ ਵਸਾਏ ਸਭੁ ਸੰਸਾ ਦੂਖੁ ਗਵਾਇਆ॥
ਅਦਿਸਟੁ ਅਗੋਚਰੁ ਗੁਰ ਬਚਨਿ ਧਿਆਇਆ ਪਵਿਤ੍ਰ ਪਰਮ ਪਦੁ ਪਾਇਆ॥ (੪੪੨)

- ਗੁਰਮੁਖਿ ਨਾਮੁ ਦੇਵਹਿ ਤੂ ਆਪੇ ਸਹਸਾ ਗਣਤ ਨ ਤਾਹਾ ਹੇ॥ (੧੦੫੬)

(੨) ਅਪਦਾ ਤੋਂ ਛੁਟਕਾਰਾ:-

- ਨਾਮ ਰਾਸਿ ਸਾਧ ਸੰਗਿ ਖਾਟੀ॥ ਕਹੁ ਨਾਨਕ ਪ੍ਰਭਿ ਅਪਦਾ ਕਾਟੀ॥ (੧੯੪)

(੩) ਅਨਿਕ ਬੰਧਨਾਂ ਤੋਂ ਛੁਟਕਾਰਾ:-

- ਅਨਿਕ ਬੰਧਨ ਤੋਰੇ ਨਹੀ ਜਾਹਿ॥ ਸਿਮਰਤ ਨਾਮ ਮੁਕਤਿ ਫਲ ਪਾਹਿ॥ (੧੯੬)

- ਮਨਮੁਖਿ ਜੋਨੀ ਦੁਖ ਸਹਾਮੰ॥ ਬੰਧਨ ਤੂਟੇ ਇਕੁ ਨਾਮੁ ਵਸਾਮੰ॥ (੮੩੧)

- ਕਾਟੇ ਬੰਧਨ ਠਾਕੁਰਿ ਜਾ ਕੇ॥ ਹਰਿ ਹਰਿ ਨਾਮੁ ਬਸਿਓ ਜੀਅ ਤਾ ਕੈ॥ (੧੦੦੪)

- ਬੰਧਨ ਤੂਟਹਿ ਮੁਕਤਿ ਹੋਇ ਤ੍ਰਿਸਨਾ ਅਗਨਿ ਬੁਝਾਏ॥ ਸਭ ਮਹਿ ਨਾਮੁ ਨਿਧਾਨੁ ਹੈ ਗੁਰਮੁਖਿ ਕੋ ਪਾਏ॥ (੧੦੧੧)

(੪) ਅਉਗਣਾਂ ਦਾ ਨਾਸ:-

- ਗੁਣ ਸੰਗ੍ਰਹਿ ਅਉਗਣ ਸਬਦਿ ਜਲਾਏ॥ ਗੁਰਮੁਖਿ ਨਾਮੁ ਪਦਾਰਥੁ ਪਾਏ॥ (੨੨੨)

– ਆਪੇ ਗੁਣਦਾਤਾ ਅਵਗੁਣ ਕਾਟੇ ਹਿਰਦੈ ਨਾਮੁ ਵਸਾਏ॥ (੨੪੬)

(੫) ਅਹੰਬੁਧਿ ਦਾ ਨਾਸ:–

– ਅਹੰਬੁਧਿ ਬੰਧਨ ਪਰੇ ਨਾਨਕ ਨਾਮ ਛੁਟਾਰ॥ (੨੫੫)

– ਅਹੰਬੁਧਿ ਬਹੁ ਸਘਨ ਮਾਇਆ ਮਹਾ ਦੀਰਘ ਰੋਗੁ ॥
ਹਰਿ ਨਾਮੁ ਅਉਖਧੁ ਗੁਰਿ ਨਾਮੁ ਦੀਨੋ ਕਰਣ ਕਾਰਣ ਜੋਗੁ ॥ (੫੦੨)

(੬) ਅਪ੍ਰਾਧਾਂ ਤੋਂ ਖਲਾਸੀ:–

– ਹੋਤ ਪੁਨੀਤ ਕੋਟ ਅਪਰਾਧੂ॥ ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ॥ (੨੫੮)

– ਹਰਿ ਹਰਿ ਮਨ ਮਹਿ ਨਾਮੁ ਕਹਿਓ॥ ਕੋਟਿ ਅਪ੍ਰਾਧ ਮਿਟਹਿ ਖਿਨ ਭੀਤਰਿ ਤਾ ਕਾ ਦੁਖੁ ਨ ਰਹਿਓ॥ (੯੭੯)

(੭) ਆਲਾਂ ਜੰਜਾਲਾਂ ਬਿਕਾਰਾਂ ਤੋਂ ਛੁਟਕਾਰਾ:–

– ਆਲ ਜੰਜਾਲ ਬਿਕਾਰ ਤੇ ਰਹਤੇ॥ ਰਾਮ ਨਾਮ ਸੁਨਿ ਰਸਨਾ ਕਹਤੇ॥ (੨੯੫)

(੮) ਅਪਵਿਤ੍ਰਤਾ ਦਾ ਨਾਸ:–

– ਭਉ ਬਿਨਸੈ ਅੰਮ੍ਰਿਤੁ ਰਸੈ ਰੰਗਿ ਰਤੇ ਨਿਰੰਕਾਰ॥ ਦੁਖ ਦਾਰਿਦ ਅਪਵਿਤ੍ਰਤਾ ਨਾਸਹਿ ਨਾਮ ਅਧਾਰ॥ (੨੯੭)

(੯) ਆਸਾ ਮਨਸਾ ਦਾ ਅਭਾਵ:–

– ਮਨਸਾ ਮਾਰਿ ਦੁਬਿਧਾ ਸਹਜਿ ਸਮਾਣੀ ਪਾਇਆ ਨਾਮੁ ਅਪਾਰਾ॥
ਹਰਿ ਰਸੁ ਚਾਖਿ ਮਨੁ ਨਿਰਮਲੁ ਹੋਆ ਕਿਲਬਿਖ ਕਾਟਣਹਾਰਾ॥ (੬੦੩)

– ਆਸਾ ਮਨਸਾ ਮਰਿ ਜਾਇਸੀ ਜਿਨਿ ਕੀਤੀ ਸੋ ਲੈ ਜਾਇ॥
ਨਾਨਕ ਨਿਹਚਲੁ ਕੋ ਨਹੀ ਬਾਝਹੁ ਹਰਿ ਕੈ ਨਾਇ॥ (੫੧੭)

(੧੦) ਕੋਟ ਅਘਾਂ ਦਾ ਨਾਸ:–

– ਜਾ ਕੈ ਸਿਮਰਿਨ ਸਰਬ ਨਿਧਾਨਾ ਮਾਨੁ ਮਹਤੁ ਪਤਿ ਪੂਰੀ॥
ਨਾਮੁ ਲੈਤ ਕੋਟਿ ਅਘ ਨਾਸੇ ਭਗਤ ਬਾਛਹਿ ਸਭਿ ਧੂਰੀ॥ (੬੭੨)

– ਕੋਟਿ ਅਘਾ ਸਭਿ ਨਾਸ ਹੋਹਿ ਸਿਮਰਤ ਹਰਿ ਨਾਉ॥ ਮਨ ਚਿੰਦੇ ਫਲ ਪਾਈਅਹਿ ਹਰਿ ਕੇ ਗੁਣ ਗਾਉ॥ (੭੦੭)

– ਮੇਰੇ ਮਨ ਕਰਨ ਸੁਣਿ ਹਰਿ ਨਾਮੁ॥ ਮਿਟਹਿ ਅਘ ਤੇਰੇ ਜਨਮ ਜਨਮ ਕੇ ਕਵਨੁ ਬਪੁਰੋ ਜਾਮੁ॥ (੧੦੦੬)

– ਊਚੇ ਤੇ ਊਚਾ ਜਾ ਕਾ ਥਾਨ॥ ਕੋਟਿ ਅਘਾ ਮਿਟਹਿ ਹਰਿ ਨਾਮ॥ (੧੧੪੪)

(੧੧) ਅਗਿਆਨ ਅੰਧੇਰ ਕਾ ਬਿਨਾਸ:–

– ਅੰਤਰਿ ਜਪੁ ਤਪੁ ਸੰਜਮੋ ਗੁਰ ਸਬਦੀ ਜਾਪੈ॥
ਹਰਿ ਹਰਿ ਨਾਮੁ ਧਿਆਈਐ ਹਉਮੈ ਅਗਿਆਨੁ ਗਵਾਪੈ॥ (੧੦੬੨)

- ਨਾਇ ਸੁਣਿਐ ਸੁਚਿ ਸੰਜਮੋ ਜਮੁ ਨੇੜਿ ਨ ਆਵੈ॥ ਨਾਇ ਸੁਣਿਐ ਘਟਿ ਚਾਨਣਾ ਆਨ੍ਹੇਰੁ ਗਵਾਵੈ॥ (੧੨੪੦)

(੧੨) ਆਪੇ ਦਾ ਅਭਾਵ:-

- ਹਰਿ ਹਰਿ ਨਾਮੁ ਧਿਆਈਐ ਜਿਸ ਨਉ ਕਿਰਪਾ ਕਰੇ ਰਜਾਇ॥
  ਜਿਨੀ ਗੁਰਮੁਖਿ ਨਾਮੁ ਧਿਆਇਆ ਵਿਚਹੁ ਆਪੁ ਗਵਾਇ॥ (੨੮)

- ਸਤਿਗੁਰੂ ਸੇਵੇ ਸੋ ਫਲੁ ਪਾਏ॥ ਹਿਰਦੈ ਨਾਮੁ ਵਿਚਹੁ ਆਪੁ ਗਵਾਏ॥ (੨੩੧)

(੧੩) ਸੋਗਾਂ ਸੰਤਾਪਾਂ ਦਾ ਨਾਸ:-

- ਮਨ ਮੇਰੇ ਰਾਮ ਨਾਮੁ ਜਪਿ ਜਾਪੁ॥ ਮਨ ਇਛੇ ਫਲ ਭੁੰਚਿ ਤੂ ਸਭੁ ਚੂਕੈ ਸੋਗੁ ਸੰਤਾਪੁ॥ (੪੮)

- ਰੋਗ ਸੋਗ ਸਭਿ ਦੋਖ ਬਿਨਸਹਿ ਜਪਤ ਨਾਮੁ ਮੁਰਾਰੀ॥ (੨੪੯)

- ਐ ਜੀ ਨਾ ਹਮ ਉਤਮ ਨੀਚ ਨ ਮਧਿਮ ਹਰਿ ਸਰਣਾਗਤਿ ਹਰਿ ਕੇ ਲੋਗ॥
  ਨਾਮ ਰਤੇ ਕੇਵਲ ਬੈਰਾਗੀ ਸੋਗ ਬਿਜੋਗ ਬਿਸਰਜਿਤ ਰੋਗ (੫੦੪)

- ਰਾਖਿ ਲੀਏ ਅਪਨੇ ਜਨ ਆਪ॥ ਕਰਿ ਕਿਰਪਾ ਹਰਿ ਹਰਿ ਨਾਮੁ ਦੀਨੋ ਬਿਨਸਿ ਗਏ ਸਭ ਸੋਗ ਸੰਤਾਪ॥ (੮੨੧)

(੧੪) **ਸਗਲੇ ਰੋਗਾਂ ਤੋਂ ਛੁਟਕਾਰਾ:-**

- ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ॥ (੯੯)

- ਸਿਮਰਤ ਸਿਮਰਤ ਪ੍ਰਭ ਕਾ ਨਾਉ॥ ਸਗਲ ਰੋਗ ਕਾ ਬਿਨਸਿਆ ਥਾਉ॥ (੧੯੧)

- ਰਾਮ ਨਾਮੁ ਨਿਤ ਰਸਨ ਬਖਾਨ॥ ਬਿਨਸੇ ਰੋਗ ਭਏ ਕਲਿਆਨ॥ (੨੦੦)

- ਨਾਮ ਅਉਖਧੁ ਜਿਹ ਰਿਦੈ ਹਿਤਾਵੈ॥ ਤਾਹਿ ਰੋਗੁ ਸੁਪਨੈ ਨਹੀ ਆਵੈ॥ (੨੫੯)

- ਸਰਬ ਰੋਗ ਕਾ ਅਉਖਦੁ ਨਾਮੁ॥ ਕਲਿਆਣ ਰੂਪ ਮੰਗਲ ਗੁਣ ਗਾਮ॥ (੨੭੪)

(੧੫) ਸਭ ਫਾਹੇ ਕਟੇ ਜਾਂਦੇ ਹਨ:-

- ਸਾਸਿ ਸਾਸਿ ਨਾਨਕੁ ਸਾਲਾਹੇ॥ ਸਿਮਰਤ ਨਾਮੁ ਕਾਟੇ ਸਭਿ ਫਾਹੇ॥ (੧੦੪)

(੧੬) ਸੰਕਟਾਂ ਤੋਂ ਛੁਟਕਾਰਾ:-

- ਜਿਸੁ ਸਿਮਰਤ ਸੰਕਟ ਛੁਟਹਿ ਅਨਦ ਮੰਗਲ ਬਿਸ੍ਰਾਮ॥
  ਨਾਨਕ ਜਪੀਐ ਸਦਾ ਹਰਿ ਨਿਮਖ ਨ ਬਿਸਰਉ ਨਾਮੁ॥ (੩੨੦)

(੧੭) ਦੁਖਾਂ ਸੰਤਾਪਾਂ ਦਾ ਨਾਸ:-

- ਸਾਚੇ ਨਾਮ ਕੀ ਲਾਗੈ ਭੂਖ॥ ਉਤੁ ਭੂਖੈ ਖਾਇ ਚਲੀਅਹਿ ਦੂਖ॥ (੯)

- ਦੂਖੁ ਸੰਤਾਪੁ ਨ ਲਗਈ ਜਿਸੁ ਹਰਿ ਕਾ ਨਾਮੁ ਅਧਾਰੁ॥ (੪੪)

- ਹਰਿ ਜਪਿ ਨਾਮੁ ਧਿਆਇ ਤੂ ਜਮੁ ਡਰਪੈ ਦੁਖ ਕਾਗੁ॥ (੫੭)

- ਅੰਮ੍ਰਿਤ ਨਾਮੁ ਸਦਾ ਨਿਰਮਲੀਆ॥ ਸੁਖਦਾਈ ਦੂਖ ਬਿਡਾਰਨ ਹਰੀਆ॥ (੧੦੦)

- ਸੂਖੁ ਭਇਆ ਦੁਖੁ ਦੂਰਿ ਪਰਾਨਾ॥ ਸੰਤ ਰਸਨ ਹਰਿ ਨਾਮੁ ਵਖਾਨਾ॥ (੧੦੩)

- ਸਿਮਰਤ ਨਾਮੁ ਦੋਖ ਸਭਿ ਲਾਥੇ॥ ਅੰਤਰਿ ਬਾਹਰਿ ਹਰਿ ਪ੍ਰਭੁ ਸਾਥੇ॥ (੧੦੭)

- ਪ੍ਰਭ ਚਿਤਿ ਆਏ ਸਭੁ ਦੁਖੁ ਜਾਇ॥ ਭੈ ਸਭ ਬਿਨਸਹਿ ਹਰਿ ਕੈ ਨਾਇ॥ (੧੮੪)

- ਦੂਖੁ ਰੋਗੁ ਕਛੁ ਭਉ ਨ ਬਿਆਪੈ॥ ਅੰਮ੍ਰਿਤ ਨਾਮੁ ਰਿਦੈ ਹਰਿ ਜਾਪੈ॥ (੧੮੪)

(੧੮) ਦੁਰਮਤਿ ਦਾ ਨਾਸ:-
- ਮਤਿ ਮਲੀਣ ਪਰਗਟੁ ਭਈ ਜਪਿ ਨਾਮੁ ਮੁਰਾਰਾ॥ (੧੬੩)

- ਦੁਰਮਤਿ ਮੈਲੁ ਗਈ ਸਭ ਤਿਨ ਕੀ ਜੋ ਰਾਮ ਨਾਮ ਰੰਗਿ ਰਾਤੇ॥ (੧੬੯)

- ਦੁਰਮਤਿ ਮਿਟੀ ਹਉਮੈ ਛੁਟੀ ਸਿਮਰਤ ਹਰਿ ਕੋ ਨਾਮ॥ (੩੦੦)

- ਦੁਰਮਤਿ ਕਬੁਧਿ ਗਈ ਸੁਧਿ ਹੋਈ ਰਾਮ ਨਾਮਿ ਮਨੁ ਲਾਏ॥ (੪੪੩)

- ਦੁਰਮਤਿ ਜਾਇ ਪਰਮ ਪਦੁ ਪਾਏ॥ ਗੁਰ ਪਰਸਾਦੀ ਨਾਮੁ ਧਿਆਏ॥ (੭੩੭)

(੧੯) ਦਾਲਦ ਦੁੱਖ ਭੁੱਖ ਤੋਂ ਛੁਟਕਾਰਾ:-
- ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਦਾਲਦੁ ਦੁਖ ਭੁਖ ਸਭ ਲਹਿ ਜਾਤੀ॥ (੮੮)

- ਹਰਿ ਹਰਿ ਨਾਮੁ ਪਰਗਾਸਿਆ ਮੇਰੇ ਗੋਵਿੰਦਾ ਸਭ ਦਾਲਦ ਦੁਖ ਲਹਿ ਜਾਹੀ ਜੀਉ॥ (੧੭੩)

- ਪੁਰਖੋਤਮੁ ਹਰਿ ਨਾਮੁ ਜਨਿ ਗਾਇਓ ਸਭਿ ਦਾਲਦ ਦੁਖ ਦਲਲੇ॥ (੯੭੫)

(੨੦) ਦੂਜਾ ਭਾਉ ਨਾਸ:-
- ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ॥ (੨੫੨)

(੨੧) ਦੁਰਤ ਨਸ ਜਾਂਦੇ ਹਨ:-

- ਨਾਮ ਕੀ ਮਹਿਮਾ ਸੰਤ ਰਿਦ ਵਸੈ॥ ਸੰਤ ਪ੍ਰਤਾਪਿ ਦੁਰਤੁ ਸਭੁ ਨਸੈ॥ (੨੬੫)

- ਜਨਮ ਜਨਮ ਚੂਕੇ ਭੈ ਭਾਰੇ ਦੁਰਤੁ ਬਿਨਾਸਿਓ ਭਰਮੁ ਬੀਓ॥ (੩੮੨)

- ਧਰਤਿ ਪੁਨੀਤ ਭਈ ਗੁਨ ਗਾਏ॥ ਦੁਰਤੁ ਗਇਆ ਹਰਿ ਨਾਮੁ ਧਿਆਏ॥ (੮੦੧)

(੨੨) ਤਾਪਾਂ ਸੰਤਾਪਾਂ ਤੋਂ ਖਲਾਸੀ:-

- ਸੁਖ ਨਿਧਾਨ ਨਾਮੁ ਪ੍ਰਭ ਤੁਮਰਾ ਏਹੁ ਅਬਿਨਾਸੀ ਮੰਤ੍ਰੁ ਲੀਓ॥
  ਕਰਿ ਕਿਰਪਾ ਮੋਹਿ ਸਤਿਗੁਰਿ ਦੀਨਾ ਤਾਪੁ ਸੰਤਾਪੁ ਮੇਰਾ ਬੈਰੁ ਗੀਓ॥ (੩੮੨)

- ਜਨ ਕੀ ਪੈਜ ਸਵਾਰੀ ਆਪ॥ ਹਰਿ ਹਰਿ ਨਾਮੁ ਦੀਓ ਗੁਰਿ ਅਵਖਧੁ ਉਤਰਿ ਗਇਓ ਸਭੁ ਤਾਪ॥ (੫੦੦)

- ਜਪਿ ਹਰਿ ਹਰਿ ਨਾਮੁ ਅਚਰਜੁ ਪਰਤਾਪ॥ ਜਾਲਿ ਨ ਸਾਕਹਿ ਤੀਨੇ ਤਾਪ॥ (੭੪੩)

(੨੩) ਦੁਬਿਧਾ ਤੋਂ ਛੁਟਕਾਰਾ:-

- ਸਦਾ ਅਨੰਦੁ ਰਾਮ ਰਸਿ ਰਾਤੇ॥ ਹਿਰਦੈ ਨਾਮੁ ਦੁਬਿਧਾ ਮਨਿ ਭਾਗੀ ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਤੇ॥ (੧੧੩੧)

੨੪. ਸਮੂਹ ਦੁਖਾਂ ਦੀ ਜੜ ਹਉਮੈ ਦਾ ਨਾਸ:-

- ਹਉਮੈ ਗੁਰਮੁਖਿ ਖੋਈਐ ਨਾਮਿ ਰਤੇ ਸੁਖੁ ਹੋਇ॥ (੨੯)

- ਗੁਰਮੁਖਿ ਨਾਮੁ ਸਲਾਹੀਐ ਹਉਮੈ ਨਿਵਰੀ ਭਾਹਿ॥ (੨੦)

- ਨਾਨਕ ਨਾਮਿ ਲਗੇ ਸੇ ਉਬਰੇ ਹਉਮੈ ਸਬਦਿ ਗਵਾਇ॥ (੩੩)

- ਹਉਮੈ ਮਾਰਿ ਏਕ ਲਿਵ ਲਾਗੀ ਅੰਤਰਿ ਨਾਮੁ ਵਸਾਇਆ॥ (੮੬)

- ਨਾਮ ਬਿਨਾ ਸਭੁ ਜਗੁ ਬਉਰਾਨਾ ਸਬਦੇ ਹਉਮੈ ਮਾਰੀ॥ (੫੬੮)

(੨੫) ਕਿਲਵਿਖਾਂ ਦਾ ਨਾਸ:-

- ਨਾਉ ਪੂਜੀਐ ਨਾਉ ਮੰਨੀਐ ਨਾਇ ਕਿਲਬਿਖ ਸਭ ਹਿਰਿਆ॥ (੮੭)

- ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਸਿਮਰਤ ਸਭਿ ਕਿਲਬਿਖ ਪਾਪ ਲਹਾਤੀ॥ (੮੮)

- ਨਾਮੁ ਅਉਖਧੁ ਮੋ ਕਉ ਸਾਧੂ ਦੀਆ॥ ਕਿਲਬਿਖ ਕਾਟੇ ਨਿਰਮਲੁ ਥੀਆ॥ (੧੦੧)

- ਖਿਨ ਮਹਿ ਰਾਮ ਨਾਮਿ ਕਿਲਵਿਖ ਕਾਟੇ ਭਏ ਪਵਿਤੁ ਸਰੀਰਾ॥ (੨੪੫)

- ਨਾਨਕ ਰਾਮ ਨਾਮੁ ਜਪਿ ਪਾਵਕੋ ਤਿਨ ਕਿਲਬਿਖ ਦਾਹਨਹਾਰ॥ (੨੪੮)

- ਕਿਲਬਿਖ ਪਾਪ ਨਾਮ ਹਰਿ ਕਾਟੇ ਜਿਵ ਖੇਤ ਕ੍ਰਿਸਾਨਿ ਲੁਨੇ॥ (੯੭੬)

(੨੬) ਕਸਮਲ ਅਥਵਾ ਕਲਮਲਾਂ ਤੋਂ ਬੰਦ ਖਲਾਸੀ:-

- ਪਾਵਨ ਨਾਮੁ ਜਗਤਿ ਮੈ ਹਰਿ ਕੋ ਸਿਮਰਿ ਸਿਮਰਿ ਕਸਮਲ ਸਭ ਹਰੁ ਰੇ॥ (੨੨੦)

- ਨਾਮੁ ਜਪਤ ਮਨੁ ਤਨੁ ਸਭੁ ਹਰਿਆ॥ ਕਲਮਲ ਦੋਖ ਸਗਲ ਪਰਹਰਿਆ॥ (੩੯੫)

- ਦਿਨੁ ਰੈਣਿ ਸੁਹਾਵੜੀ ਆਈ ਸਿਮਰਤ ਨਾਮੁ ਹਰੇ॥ ਚਰਣ ਕਮਲ ਸੰਗਿ ਪ੍ਰੀਤਿ ਕਲਮਲ ਪਾਪ ਟਰੇ॥ (੪੫੮)

(੨੭) ਕਲੇਸ਼ਾਂ ਦਾ ਨਾਸ:-

- ਕਲੀ ਕਾਲ ਕੇ ਮਿਟੇ ਕਲੇਸਾ॥ ਏਕੋ ਨਾਮੁ ਮਨ ਮਹਿ ਪਰਵੇਸਾ॥ (੭੪੪)

- ਕਲਿ ਕਲੇਸ ਮਿਟੇ ਹਰਿ ਨਾਇ॥ ਦੁਖ ਬਿਨਸੇ ਸੁਖ ਕੀਨੋ ਠਾਉ॥ (੯੬੫)

- ਹਰਿ ਕੇ ਨਾਮ ਕੋ ਆਧਾਰੁ॥ ਕਲਿ ਕਲੇਸ ਨ ਕਛੂ ਬਿਆਪੈ ਸੰਤਸੰਗਿ ਬਿਉਹਾਰੁ॥ (੧੧੨੧)

(੨੮) ਕੂੜ ਦੀ ਮਲ ਉਤਰਦੀ ਹੈ:-

- ਨਾਮੁ ਜਪੇ ਨਾਮੋ ਆਰਾਧੇ ਤਿਸੁ ਜਨ ਕਉ ਕਰਹੁ ਸਭਿ ਨਮਸਕਾਰੁ॥
  ਮਲੁ ਕੂੜੀ ਨਾਮਿ ਉਤਾਰੀਅਨੁ ਜਪਿ ਨਾਮੁ ਹੋਆ ਸਚਿਆਰੁ॥ (੯੫੦)

(੨੯) ਗੁਮਾਨ ਦੂਰ ਹੁੰਦਾ ਹੈ:-

- ਗੁਰੁ ਸੇਵਹੁ ਅਰੁ ਨਾਮੁ ਧਿਆਵਹੁ ਤਿਆਗਹੁ ਮਨਹੁ ਗੁਮਾਨੀ॥ (੨੧੬)

(੩੦) ਗਰਹ ਨਿਵਾਰੇ ਜਾਂਦੇ ਹਨ:-

- ਸੂਖ ਸਹਜ ਆਨਦੁ ਘਣਾ ਹਰਿ ਕੀਰਤਨੁ ਗਾਉ॥ ਗਰਹ ਨਿਵਾਰੇ ਸਤਿਗੁਰੂ ਦੇ ਅਪਣਾ ਨਾਉ॥ (੪੦੦)

(੩੧) ਚਿੰਤਾ ਦੂਰ ਹੁੰਦੀ ਹੈ:-

- ਗੁਰ ਕਾ ਸਬਦੁ ਰਾਖੁ ਮਨ ਮਾਹਿ॥ ਨਾਮੁ ਸਿਮਰਿ ਚਿੰਤਾ ਸਭ ਜਾਹਿ॥ (੧੯੨)

- ਨਾਮੁ ਨਿਧਾਨੁ ਜਾ ਕੇ ਮਨ ਮਾਹਿ॥ ਤਿਸ ਕਉ ਚਿੰਤਾ ਸੁਪਨੈ ਨਾਹਿ॥ (੩੮੮)

- ਜਿਨ ਅੰਤਰੇ ਰਾਮ ਨਾਮੁ ਵਸੈ ਤਿਨ ਚਿੰਤਾ ਸਭ ਗਵਾਇਆ ਰਾਮ॥ (੪੪੩)

- ਕੋਟਿ ਪਰਾਧ ਮਿਟੇ ਤੇਰੀ ਸੇਵਾ ਦਰਸਨਿ ਦੂਖੁ ਉਤਾਰਿਓ॥
  ਨਾਮੁ ਜਪਤ ਮਹਾ ਸੁਖੁ ਪਾਇਓ ਚਿੰਤਾ ਰੋਗੁ ਬਿਦਾਇਓ॥ (੫੨੯)

- ਚਿੰਤਾ ਮੂਲਿ ਨ ਹੋਵਈ ਹਰਿ ਨਾਮਿ ਰਜਾ ਆਘਾਇ॥ (੫੮੮)

(੩੨) ਜੰਮਣ ਮਰਣ ਆਵਣ ਜਾਣ ਤੋਂ ਛੁਟਕਾਰਾ:-

- ਰਾਮ ਨਾਮੁ ਸਾਲਾਹਿ ਤੂ ਫਿਰਿ ਆਵਣ ਜਾਣੁ ਨ ਹੋਇ॥ (੩੬)

- ਗੁਰਿ ਅੰਮ੍ਰਿਤ ਨਾਮੁ ਪੀਆਲਿਆ ਜਨਮ ਮਰਨ ਕਾ ਪਥੁ॥ (੪੯)

- ਨਾਮੁ ਅਵਖਧੁ ਜਿਨਿ ਜਨ ਤੇਰੈ ਪਾਇਆ॥ ਜਨਮ ਜਨਮ ਕਾ ਰੋਗੁ ਗਵਾਇਆ॥ (੧੦੭)

- ਆਵਣੁ ਜਾਣਾ ਠਾਕਿ ਰਹਾਏ ਸਚੈ ਨਾਮਿ ਸਮਾਵਣਿਆ॥ (੧੦੯)

- ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ॥ (੧੭੧)

(੩੩) ਮੈਲ ਦਾ ਨਾਸ:-

- ਤਿਨ ਕੀ ਸੰਗਤਿ ਗੁਰਮੁਖਿ ਹੋਈ॥ ਨਾਨਕ ਸਾਚਿ ਨਾਮਿ ਮਲੁ ਖੋਈ॥ (੨੨੮)

- ਲਾਗੀ ਮੈਲੁ ਮਿਟੈ ਸਚ ਨਾਇ॥ ਗੁਰ ਪਰਸਾਦਿ ਰਹੈ ਲਿਵ ਲਾਇ॥ (੩੫੨)

੩੪. ਜਮ ਕਾਲ ਜਮ ਤ੍ਰਾਸ ਤੋਂ ਛੁਟਕਾਰਾ:-

- ਜਮਕਾਲੁ ਤਿਸੁ ਨੇੜਿ ਨ ਆਵੈ ਜੋ ਹਰਿ ਹਰਿ ਨਾਮੁ ਧਿਆਵਣਿਆ॥ (੧੧੧)

- ਤ੍ਰਾਸ ਮਿਟੈ ਜਮ ਪੰਥ ਕੀ ਜਾਸੁ ਬਸੈ ਮਨਿ ਨਾਉ॥ (੨੫੭)

- ਫਿਰਿ ਇਆ ਅਉਸਰੁ ਚਰੈ ਨ ਹਾਥਾ॥ ਨਾਮੁ ਜਪਹੁ ਤਉ ਕਟੀਅਹਿ ਫਾਸਾ॥ (੨੫੮)

(੩੫) ਜੰਜਾਲਾਂ ਤੋਂ ਛੁਟਕਾਰਾ:-

- ਸਤਿਗੁਰੁ ਸੇਵੇ ਚੂਕੈ ਜੰਜਾਲਾ॥ ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ॥ (੨੨੨)

- ਜਿਨ੍ ਹਰਿ ਨਾਮੁ ਧਿਆਇਆ ਤਿਨ੍ ਚੂਕੇ ਸਰਬ ਜੰਜਾਲਾ॥
  ਤਿਨ੍ ਜਮੁ ਨੇੜਿ ਨ ਆਵਈ ਗੁਰਿ ਰਾਖੇ ਹਰਿ ਰਖਵਾਲਾ॥ (੯੮੫)

- ਨਾਮੁ ਲੈਤ ਛੁਟੇ ਜੰਜਾਰਾ॥ (੧੧੪੨)

(੩੬) ਜਮਦੂਤਾਂ ਤੋਂ ਬੰਦ ਖਲਾਸੀ:-

- ਜਹ ਮਹਾ ਭਇਆਨ ਦੂਤ ਜਮ ਦਲੈ॥ ਤਹ ਕੇਵਲ ਨਾਮੁ ਸੰਗਿ ਤੇਰੈ ਚਲੈ॥ (੨੬੪)

- ਹਰਿ ਹਰਿ ਨਾਮੁ ਜਪਿ ਅਨਤ ਤਰੰਗਾ॥
  ਜਪਿ ਜਪਿ ਨਾਮੁ ਗੁਰਮਤਿ ਸਾਲਾਹੀ ਮਾਰਿਆ ਕਾਲੁ ਜਮਕੰਕਰ ਭੁਇਅੰਗਾ॥ (੩੬੭)

- ਨਾ ਜਮਦੂਤ ਦੁਖੁ ਤਿਸੁ ਲਾਗੈ॥ ਜੋ ਜਨੁ ਰਾਮ ਨਾਮਿ ਲਿਵ ਜਾਗੈ॥ (੪੧੬)

(੩੭) ਜਰਾ ਮਰਾ ਤਾਪ ਦਾ ਨਾਸ:-

- ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ॥
  ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ॥ (੬੧੧)

(੩੮) ਝੋਰੇ ਮਿਟ ਜਾਂਦੇ ਹਨ:-

- ਝਝਾ ਝੂਰਨੁ ਮਿਟੈ ਤੁਮਾਰੋ॥ ਰਾਮ ਨਾਮ ਸਿਉ ਕਰਿ ਬਿਉਹਾਰੋ॥ (੨੫੫)

(੩੯) ਤ੍ਰਿਸਨਾ ਤ੍ਰਿਖਾ ਦਾ ਨਾਸ:-

- ਸੋ ਐਸਾ ਹਰਿ ਨਾਮੁ ਜਪੀਐ ਮਨ ਮੇਰੇ ਜੁ ਮਨ ਕੀ ਤ੍ਰਿਸਨਾ ਸਭ ਭੁਖ ਗਵਾਏ॥ (੮੯)

- ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ॥ ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ॥ (੨੫੨)

- ਗੁਰ ਤੇ ਸਾਂਤਿ ਊਪਜੈ ਜਿਨਿ ਤ੍ਰਿਸਨਾ ਅਗਨਿ ਬੁਝਾਈ॥ ਗੁਰ ਤੇ ਨਾਮੁ ਪਾਈਐ ਵਡੀ ਵਡਿਆਈ॥ (੪੨੪)

- ਸਤਿਗੁਰਿ ਨਾਮੁ ਬੁਝਾਇਆ ਵਿਣੁ ਨਾਵੈ ਭੁਖ ਨ ਜਾਈ।
  ਨਾਮੇ ਤ੍ਰਿਸਨਾ ਅਗਨਿ ਬੁਝੈ ਨਾਮੁ ਮਿਲੈ ਤਿਸੈ ਰਜਾਈ॥ (੪੨੩)

- ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ॥ ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ॥ (੩੧੮)

(੪੦) ਤ੍ਰੈ ਗੁਣ ਮਿਟਦੇ ਹਨ:-

- ਨਾਮੁ ਪਦਾਰਥੁ ਨਉ ਨਿਧਿ ਪਾਏ ਤ੍ਰੈ ਗੁਣ ਮੇਟਿ ਸਮਾਵਣਿਆ॥ (੧੨੮)

- ਭੈ ਕਉ ਭਉ ਪੜਿਆ ਸਿਮਰਤ ਹਰਿ ਨਾਮ॥
  ਸਗਲ ਬਿਆਧਿ ਮਿਟੀ ਤ੍ਰਿਹੁ ਗੁਣ ਕੀ ਦਾਸ ਕੇ ਹੋਏ ਪੂਰਨ ਕਾਮ॥ (੧੧੫੧)

(੪੧) ਤਪਤਿ ਦੂਰ ਹੁੰਦੀ ਹੈ:-

- ਅੰਮ੍ਰਿਤ ਨਾਮੁ ਪੀਵਹੁ ਮੇਰੇ ਭਾਈ॥ ਸਿਮਰਿ ਸਿਮਰਿ ਸਭ ਤਪਤਿ ਬੁਝਾਈ॥ (੧੯੧)

- ਸੀਤਲੁ ਹਰਿ ਹਰਿ ਨਾਮੁ ਸਿਮਰਤ ਤਪਤਿ ਜਾਇ॥ (੩੯੯)

(੪੨) ਤਮ ਅੰਧ ਕੂਪ ਤੋਂ ਛੁਟਕਾਰਾ:-

- ਤਮ ਅੰਧ ਕੂਪ ਤੇ ਉਧਾਰੈ ਨਾਮੁ ਮੰਨਿ ਵਸਾਈਐ॥(੨੪੯)

(੪੩) ਨਰਕਾਂ ਤੋਂ ਬਚਾਉ:-

- ਨੰਨਾ ਨਰਕਿ ਪਰਹਿ ਤੇ ਨਾਹੀ॥ ਜਾ ਕੈ ਮਨਿ ਤਨਿ ਨਾਮੁ ਬਸਾਹੀ॥ (੨੫੭)

- ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ॥ (੪੬੫)

(੪੪) ਪਾਪਾਂ ਦਾ ਨਾਸ:-

- ਅਨਿਕ ਪੁਨਹਚਰਨ ਕਰਤ ਨਹੀ ਤਰੈ॥ ਹਰਿ ਕੋ ਨਾਮੁ ਕੋਟਿ ਪਾਪ ਪਰਹਰੈ॥ (੨੬੪)

- ਹਉ ਮੈਲਾ ਮਲੁ ਕਬਹੁ ਨ ਧੋਵੈ॥ ਹਰਿ ਕਾ ਨਾਮੁ ਕੋਟਿ ਪਾਪ ਖੋਵੈ॥ (੨੬੪)

- ਆਵਹੁ ਮੀਤ ਇਕਤ੍ਰ ਹੋਇ ਰਸ ਕਸ ਸਭਿ ਭੁੰਚਹ॥
ਅੰਮ੍ਰਿਤ ਨਾਮੁ ਹਰਿ ਹਰਿ ਜਪਹ ਮਿਲਿ ਪਾਪਾ ਮੁੰਚਹ॥ (੩੯੯)

- ਸਾਥਿ ਤੇਰੈ ਸੋ ਸਹੁ ਸਦਾ ਹੈ ਇਕੁ ਖਿਨੁ ਹਰਿ ਨਾਮੁ ਸਮਾਲਹੇ॥
ਜਨਮ ਜਨਮ ਕੇ ਤੇਰੇ ਪਾਪ ਕਟੇ ਅੰਤਿ ਪਰਮ ਪਦੁ ਪਾਵਹੇ॥ (੪੪੦)

- ਅਤਿ ਊਤਮੁ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਜਿਤੁ ਜਪਿਐ ਪਾਪ ਗਵਾਤੇ ਰਾਮ॥ (੫੩੯)

(੪੫) ਪੰਚੇ ਵੈਰੀ ਵਸਗਤਿ:-

- ਸੰਤ ਸੁਪ੍ਰਸੰਨ ਆਏ ਵਸਿ ਪੰਚਾ॥ ਅੰਮ੍ਰਿਤੁ ਨਾਮੁ ਰਿਦੈ ਲੈ ਸੰਚਾ॥ (੧੮੯)

- ਗੁਰ ਕੈ ਸਬਦਿ ਅਰਾਧੀਐ ਨਾਮਿ ਰੰਗਿ ਬੈਰਾਗੁ॥
ਜੀਤੇ ਪੰਚ ਬੈਰਾਈਆ ਨਾਨਕ ਸਫਲ ਮਾਰੂ ਇਹੁ ਰਾਗੁ॥ (੧੪੨੫)

- ਕਾਮੁ ਕ੍ਰੋਧੁ ਅਹੰਕਾਰ ਬਿਨਸੈ ਮਿਲੈ ਸਤਿਗੁਰ ਦੇਵ॥
ਨਾਮੁ ਦ੍ਰਿੜੁ ਕਰਿ ਭਗਤਿ ਹਰਿ ਕੀ ਭਲੀ ਪ੍ਰਭ ਕੀ ਸੇਵ॥ (੪੦੫)

- ਜੋ ਹਰਿ ਨਾਮੁ ਧਿਆਇਦੇ ਮੇਰੀ ਜਿੰਦੁੜੀਏ ਤਿਨਾ ਪੰਚੇ ਵਸਗਤਿ ਆਏ ਰਾਮ॥ (੫੩੯)

- ਹਉਮੈ ਗਰਬੁ ਨਿਵਾਰੀਐ ਕਾਮੁ ਕ੍ਰੋਧੁ ਅਹੰਕਾਰੁ॥ ਲਬੁ ਲੋਭੁ ਪਰਜਾਲੀਐ ਨਾਮੁ ਮਿਲੈ ਆਧਾਰੁ॥ (੭੯੦)

(੪੬) ਪਤਿਤ ਪਵਿਤ੍ਰ ਹੋ ਜਾਂਦੇ ਹਨ:-

- ਮਨ ਹਰਿ ਕੇ ਨਾਮ ਕੀ ਮਹਿਮਾ ਊਚ॥ ਨਾਨਕ ਨਾਮਿ ਉਧਰੇ ਪਤਿਤ ਬਹੁ ਮੂਚ॥ (੨੬੫)

- ਪਤਿਤ ਪਵਿਤ੍ਰ ਲੀਏ ਕਰਿ ਅਪੁਨੇ ਸਗਲ ਕਰਤ ਨਮਸਕਾਰੋ॥
ਬਰਨੁ ਜਾਤਿ ਕੋਊ ਪੂਛੈ ਨਾਹੀ ਬਾਛਹਿ ਚਰਨ ਰਵਾਰੋ॥ ਠਾਕੁਰ ਐਸੋ ਨਾਮੁ ਤੁਮ੍ਹਾਰੋ॥ (੪੯੮)

- ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਣੀ ਮਨੁ ਲਾਗ॥
ਅਠਸਠਿ ਤੀਰਥ ਨਾਮੁ ਪ੍ਰਭ ਜਿਸੁ ਨਾਨਕ ਮਸਤਕਿ ਭਾਗ॥(੫੧੮)

- ਪਤਿਤਾ ਪੁਨੀਤਾ ਹੋਹਿ ਤਿਨ੍ ਸੰਗਿ ਜਿਨ੍ ਬਿਧਾਤਾ ਪਾਇਆ॥
ਨਾਮ ਰਾਤੇ ਜੀਅ ਦਾਤੇ ਨਿਤ ਦੇਹਿ ਚੜਹਿ ਸਵਾਇਆ॥ (੫੪੩)

- ਬੋਲਹੁ ਭਈਆ ਰਾਮ ਨਾਮੁ ਪਤਿਤ ਪਾਵਨੋ॥ ਹਰਿ ਸੰਤ ਭਗਤ ਤਾਰਨੋ॥ (੮੦੦)

(੪੭) ਸਗਲ ਪਰਾਛਤਾਂ ਦਾ ਨਾਸ:-

- ਨਾਇ ਲਇਐ ਪਰਾਛਤ ਜਾਹਿ॥ ਨਾਨਕ ਤਉ ਮੋਖੰਤਰੁ ਪਾਹਿ॥ (੪੭੦)

(੪੮) ਬਿਖ ਮਾਇਆ ਤੋਂ ਨਿਰਲੇਪਤਾ:-

- ਨਾਮੁ ਨਿਧਾਨੁ ਗੁਰਮੁਖਿ ਜੋ ਜਪਤੇ॥ ਬਿਖੁ ਮਾਇਆ ਮਹਿ ਨਾ ਓਇ ਖਪਤੇ॥ (੨੫੭)

- ਮਾਇਆ ਤਪਤਿ ਬੁਝਿਆ ਅੰਗਿਆਰੁ॥ ਮਨਿ ਸੰਤੋਖੁ ਨਾਮੁ ਆਧਾਰੁ॥ (੩੩੧)

- ਅੰਮ੍ਰਿਤ ਫਲੁ ਨਾਮੁ ਜਿਨਿ ਗੁਰ ਤੇ ਪਾਇਆ॥ ਨਾਨਕ ਦਾਸ ਤਰੀ ਤਿਨਿ ਮਾਇਆ॥ (੩੮੫)

- ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ॥
  ਨਾਨਕ ਮਾਇਆ ਕਾ ਮਾਰਣੁ ਹਰਿ ਨਾਮੁ ਹੈ ਗੁਰਮੁਖਿ ਪਾਇਆ ਜਾਇ॥ (੫੧੩)

- ਨਾਮੁ ਨਿਧਾਨੁ ਧਿਆਇ ਮਨ ਅਟਲ॥ ਤਾ ਛੂਟਹਿ ਮਾਇਆ ਕੇ ਪਟਲ॥ (੮੯੧)

(੪੯) ਬਿਘਨਾਂ ਦਾ ਨਾਸ:-

- ਅਨਿਕ ਬਿਘਨ ਜਹ ਆਇ ਸੰਘਾਰੈ॥ ਹਰਿ ਕਾ ਨਾਮੁ ਤਤਕਾਲ ਉਧਾਰੈ॥ (੨੬੪)

- ਜਿਨੀ ਗੁਰਮੁਖਿ ਨਾਮੁ ਧਿਆਇਆ ਤਿਨਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ॥ (੪੫੧)

- ਰਾਮੁ ਜਪਹੁ ਵਡਭਾਗੀਹੋ ਜਲਿ ਥਲਿ ਪੂਰਨੁ ਸੋਇ॥ ਨਾਨਕ ਨਾਮਿ ਧਿਆਇਐ ਬਿਘਨੁ ਨਾ ਲਾਗੈ ਕੋਇ॥ (੫੨੪)

- ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ॥
  ਖੋਏ ਪਾਪ ਭਏ ਸਭਿ ਪਾਵਨ ਜਨ ਨਾਨਕ ਸੁਖਿ ਘਰਿ ਆਇਆ॥ (੬੨੨)

- ਸੀਤਲਾ ਠਾਕਿ ਰਹਾਈ॥ ਬਿਘਨ ਗਏ ਹਰਿ ਨਾਈ॥ (੬੨੭)

- ਸਚੁ ਬਾਣੀ ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ॥
  ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ ਕੋਇ॥ (੬੩੮)

(੫੦) ਬਿਓਗ ਦਾ ਅਭਾਵ:-

- ਹਰਿ ਕਾ ਨਾਮੁ ਜਨ ਕਉ ਭੋਗ ਜੋਗ॥ ਹਰਿ ਨਾਮੁ ਜਪਤ ਕਛੁ ਨਾਹਿ ਬਿਓਗੁ॥ (੨੬੫)

- ਜੋ ਤਿਸੁ ਭਾਵੈ ਸੋ ਕਰੇ ਹਰਿ ਕਰੇ ਸੁ ਹੋਗੀ॥ ਹਰਿ ਗੁਰਮੁਖਿ ਨਾਮੁ ਧਿਆਈਐ ਲਹਿ ਜਾਹਿ ਵਿਜੋਗੀ॥ (੫੧੪)

(੫੧) ਵੈਰ ਵਿਰੋਧ ਦਾ ਨਾਸ:-

- ਮਿਟਿ ਗਏ ਬੈਰ ਭਏ ਸਭ ਰੇਨ॥ ਅੰਮ੍ਰਿਤ ਨਾਮੁ ਸਾਧਸੰਗਿ ਲੈਨ॥ (੨੯੫)

(੫੨) ਭਰਮ ਦਾ ਨਾਸ:-

- ਗੁਰਿ ਪੂਰੈ ਹਰਿ ਨਾਮੁ ਦਿੜਾਇਆ ਤਿਨਿ ਵਿਚਹੁ ਭਰਮੁ ਚੁਕਾਇਆ॥ (੮੬)

- ਨਾਨਕ ਨਾਮੁ ਧਿਆਇ ਧਿਆਇ ਜੀਵੈ ਬਿਨਸਿਆ ਭ੍ਰਮੁ ਭਉ ਧੀਠਾ ਜੀਉ॥ (੧੦੮)

- ਸਿਮਰਤ ਨਾਮੁ ਭਰਮੁ ਭਉ ਭਾਗੈ॥ (੧੯੦)

- ਭਰਮ ਮੋਹ ਧ੍ਰੋਹ ਸਭਿ ਨਿਕਸੇ ਜਬ ਕਾ ਦਰਸਨੁ ਪਾਇਆ॥
  ਵਰਤਣਿ ਨਾਮੁ ਨਾਨਕ ਸਚੁ ਕੀਨਾ ਹਰਿ ਨਾਮੇ ਰੰਗਿ ਸਮਾਇਆ॥ (੩੮੦)

(੫੩) ਭਉ ਦਾ ਬਿਨਾਸ:-

- ਨਾਮੁ ਜਪਤ ਸਰਬ ਸੁਖੁ ਪਾਈਐ॥ ਸਭੁ ਭਉ ਬਿਨਸੈ ਹਰਿ ਹਰਿ ਧਿਆਈਐ॥ (੧੦੪)

- ਦੂਖੁ ਰੋਗੁ ਕਛੁ ਭਉ ਨ ਬਿਆਪੈ॥ ਅੰਮ੍ਰਿਤ ਨਾਮੁ ਰਿਦੈ ਹਰਿ ਜਾਪੈ॥ (੧੮੪)

- ਪ੍ਰਭ ਚਿਤਿ ਆਏ ਸਭੁ ਦੁਖੁ ਜਾਇ॥ ਭੈ ਸਭ ਬਿਨਸਹਿ ਹਰਿ ਕੈ ਨਾਇ॥ (੧੮੪)

- ਹਰਿ ਬਿਸਰਤ ਸਹਸਾ ਦੁਖੁ ਬਿਆਪੈ॥ ਸਿਮਰਤ ਨਾਮੁ ਭਰਮੁ ਭਉ ਭਾਗੈ॥ (੧੯੦)

- ਭੈ ਮਹਿ ਰਚਿਓ ਸਭੁ ਸੰਸਾਰਾ॥ ਤਿਸੁ ਭਉ ਨਾਹੀ ਜਿਸੁ ਨਾਮੁ ਅਧਾਰਾ॥ (੧੯੨)

- ਭਉ ਖੰਡਨੁ ਦੁਖ ਭੰਜਨੋ ਭਗਤਿ ਵਛਲ ਹਰਿ ਨਾਇਓ॥ (੨੪੧)

(੫੪) ਬਿਖ ਭਉਜਲੋਂ ਪਾਰ ਉਤਾਰਾ:-

- ਕੋਇ ਨ ਕਿਸ ਹੀ ਸੰਗਿ ਕਾਹੇ ਗਰਬੀਐ॥ ਏਕੁ ਨਾਮੁ ਆਧਾਰੁ ਭਉਜਲੁ ਤਰਬੀਐ (੩੯੮)

- ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮੇਰੀ ਜਿੰਦੁੜੀਏ ਬਿਖੁ ਭਉਜਲੁ ਤਾਰਨਹਾਰੋ ਰਾਮ॥ (੫੩੯)

- ਨਿਤ ਜਪਿਅਹੁ ਸੰਤਹੁ ਰਾਮ ਨਾਮੁ ਭਉਜਲ ਬਿਖੁ ਤਾਰੀ॥
  ਗੁਰਿ ਪੂਰੈ ਹਰਿ ਉਪਦੇਸਿਆ ਗੁਰ ਵਿਟੜਿਅਹੁ ਹੰਉ ਸਦ ਵਾਰੀ॥ (੫੮੬)

- ਤਿਥੈ ਪਵਣੁ ਨ ਪਾਵਕੋ ਨਾ ਜਲੁ ਨਾ ਆਕਾਰੁ॥ ਤਿਥੈ ਸਚਾ ਸਚਿ ਨਾਇ ਭਵਜਲ ਤਾਰਣਹਾਰੁ॥ (੧੦੦੬)

(੫੫) ਮਹਾਂ ਕਸ਼ਟਾਂ ਦਾ ਨਾਸ:-

- ਮਹਾ ਕਸਟ ਕਾਟੈ ਖਿਨ ਭੀਤਰਿ ਰਸਨਾ ਨਾਮੁ ਚਿਤਾਰੇ॥
  ਕਰਿ ਕਿਰਪਾ ਅਪੁਨੋ ਨਾਮੁ ਦੀਜੈ ਨਾਨਕ ਸਦ ਬਲਿਹਾਰੇ॥ (੨੧੦)

(੫੬) ਮਮਤਾ ਤੋਂ ਛੁਟਕਾਰਾ:-

- ਹਉਮੈ ਮਮਤਾ ਦੁਰਮਤਿ ਦੁਖ ਨਾਸੁ॥ ਜਬ ਹਿਰਦੈ ਰਾਮ ਨਾਮ ਗੁਣਤਾਸੁ॥ (੨੩੨)

(੫੭) ਮਨ ਕੀ ਮਲ ਦਾ ਨਾਸ:-

- ਪ੍ਰਭ ਕੈ ਸਿਮਰਨਿ ਮਨ ਕੀ ਮਲੁ ਜਾਇ॥ ਅੰਮ੍ਰਿਤ ਨਾਮੁ ਰਿਦ ਮਾਹਿ ਸਮਾਇ॥ (੨੬੩)

(੫੮) ਸਭ ਮੁਸ਼ਕਲਾਂ ਦਾ ਹੱਲ:-

- ਜਹ ਮੁਸਕਲ ਹੋਵੈ ਅਤਿ ਭਾਰੀ॥ ਹਰਿ ਕੋ ਨਾਮੁ ਖਿਨ ਮਾਹਿ ਉਧਾਰੀ॥ (੨੬੪)

(੫੯) ਵਿਸੂਰੇ ਮਿਟਦੇ ਹਨ:-

- ਹਰਿ ਕਾ ਨਾਮੁ ਦੀਓ ਗੁਰਿ ਮੰਤ੍ਰੁ॥ ਮਿਟੇ ਵਿਸੂਰੇ ਉਤਰੀ ਚਿੰਤ॥ (੧੯੦)

(੬੦) ਦੁਖਾਂ ਭੁਖਾਂ ਕਾੜਿਆਂ ਦਾ ਨਾਸ:-

- ਸਾਵਣੁ ਆਇਆ ਝਿਮਝਿਮਾ ਹਰਿ ਗੁਰਮੁਖਿ ਨਾਮੁ ਧਿਆਇ॥
  ਦੁਖ ਭੁਖ ਕਾੜਾ ਸਭੁ ਚੁਕਾਇਸੀ ਮੀਹੁ ਵੁਠਾ ਛਹਬਰ ਲਾਇ॥ (੧੨੫੦)

(੬੧) ਪਰਮ ਸੁਖ ਦੀ ਪ੍ਰਾਪਤੀ:-

- ਸੇਈ ਸੁਖੀਏ ਚਹੁ ਜੁਗੀ ਜਿਨਾ ਨਾਮੁ ਅਖੁਟੁ ਅਪਾਰੁ॥ (੨੬)

- ਗੁਰ ਸਰਣਾਈ ਸੁਖੁ ਲਹਹਿ ਅਨਦਿਨੁ ਨਾਮੁ ਧਿਆਇ॥ (੨੯)

- ਨਾਨਕ ਨਾਮੁ ਸਮਾਲਿ ਤੂ ਜਿਤੁ ਸੇਵਿਐ ਸੁਖੁ ਹੋਇ॥ (੩੯)

- ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਸਦਾ ਸੁਖੁ ਹੋਵੈ ਦਿਨੁ ਰਾਤੀ॥ (੮੮)

- ਨਾਮੁ ਜਪਤ ਸਰਬ ਸੁਖੁ ਪਾਈਐ॥ (੧੦੪)

- ਰਾਮ ਨਾਮੁ ਮਨਿ ਭਾਇਆ ਪਰਮ ਸੁਖੁ ਪਾਇਆ ਅੰਤਿ ਚਲਦਿਆ ਨਾਲਿ ਸਖਾਈ॥ (੪੪੪)

- ਜਿਨੀ ਹਰਿ ਹਰਿ ਨਾਮੁ ਧਿਆਇਆ ਤਿਨੀ ਪਾਇਅੜੇ ਸਰਬ ਸੁਖਾ॥ (੫੮੮)

(੬੨) ਮਨੁ ਤਨੁ ਦੀ ਸੀਤਲਤਾ:-

- ਮਨੁ ਤਨੁ ਸੀਤਲੁ ਸਭੁ ਥੀਐ ਨਾਮੁ ਵਸੈ ਮਨਿ ਆਇ॥ (੩੭)

- ਨਿਮਖ ਏਕ ਹਰਿ ਨਾਮੁ ਦੇਇ ਮੇਰਾ ਮਨੁ ਤਨੁ ਸੀਤਲੁ ਹੋਇ॥ (੪੪)

- ਪੂਰੈ ਗੁਰਿ ਸਮਝਾਇਆ ਮਤਿ ਊਤਮ ਹੋਈ॥ ਅੰਤਰੁ ਸੀਤਲੁ ਸਾਂਤਿ ਹੋਇ ਨਾਮੇ ਸੁਖੁ ਹੋਈ॥ (੪੨੪)

- ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਮ॥ ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ॥ (੭੦੯)

- ਮਨੁ ਤਨੁ ਸੀਤਲੁ ਸਭ ਹਰਿਆ ਹੋਆ ਵਡਭਾਗੀ ਹਰਿ ਨਾਮੁ ਧਿਆਵੈ॥ (੪੯੪)

- ਮਨੁ ਤਨੁ ਸੀਤਲੁ ਹੋਇਆ ਭਾਈ ਭੋਜਨੁ ਨਾਮ ਅਧਾਰੁ॥ (੬੪੦)

(੬੩) ਮਨੁ ਤਨ ਦੀ ਨਿਰਮਲਤਾ ਤੇ ਹਰਿਆਵਲ:-

- ਗੁਰ ਕਿਰਪਾ ਤੇ ਮਨੁ ਤਨੁ ਨਿਰਮਲੁ ਨਿਰਮਲ ਨਾਮੁ ਧਿਆਵਣਿਆ॥ (੧੧੦)

- ਨਿਰਮਲ ਨਾਮੁ ਵਸਿਆ ਮਨਿ ਆਏ॥ ਮਨੁ ਤਨੁ ਨਿਰਮਲੁ ਮਾਇਆ ਮੋਹੁ ਗਵਾਏ॥ (੧੨੧)

- ਮਨੁ ਸੁਕਾ ਹਰਿਆ ਹੋਇਆ ਮੇਰੀ ਜਿੰਦੁੜੀਏ ਹਰਿ ਹਰਿ ਨਾਮੁ ਧਿਆਏ ਰਾਮ॥ (੫੩੮)

(੬੪) ਮਨ ਦੀ ਤ੍ਰਿਪਤਤਾ ਤੇ ਮਨ ਬਾਂਛਤ ਸਰਬ ਫਲਾਂ ਦੀ ਪ੍ਰਾਪਤੀ:-

- ਨਾਮੁ ਮਿਲੈ ਮਨੁ ਤ੍ਰਿਪਤੀਐ ਬਿਨੁ ਨਾਮੈ ਧ੍ਰਿਗੁ ਜੀਵਾਸੁ॥ (੪੦)

- ਮਨ ਕੀਆ ਇਛਾਂ ਪੂਰੀਆਂ ਪਾਇਆ ਨਾਮੁ ਨਿਧਾਨੁ॥ (੪੬)

- ਹਰਿ ਹਰਿ ਨਾਮੁ ਜਪਹੁ ਮਨ ਮੇਰੇ ਅਨਦਿਨੁ ਹਰਿ ਲਿਵ ਲਾਇ॥
  ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਭੂਖ ਨ ਲਾਗੈ ਆਇ॥ (੩੬੮)

- ਨਾਮੁ ਧਿਆਵੈ ਸਰਬ ਫਲ ਪਾਵੈ ਸੋ ਜਨੁ ਸੁਖੀਆ ਹੂਆ॥ (੪੦੭)

- ਅੰਮ੍ਰਿਤੁ ਭੋਜਨੁ ਨਾਮੁ ਹਰਿ ਰਜਿ ਰਜਿ ਜਨ ਖਾਹੁ॥ ਸਭਿ ਪਦਾਰਥ ਪਾਈਅਨਿ ਸਿਮਰਣੁ ਸਚੁ ਲਾਹੁ॥ (੫੫੬)

- ਰਸਨਾ ਹਰਿ ਸਾਦਿ ਲਗੀ ਸਹਜਿ ਸੁਭਾਇ॥ ਮਨੁ ਤ੍ਰਿਪਤਿਆ ਹਰਿ ਨਾਮੁ ਧਿਆਇ॥ (੫੬੦)

- ਜਪਿ ਜਪਿ ਅੰਮ੍ਰਿਤ ਨਾਮੁ ਅਘਾਏ॥ ਸੰਤ ਪ੍ਰਸਾਦਿ ਸਗਲ ਫਲ ਪਾਏ॥ (੮੬੫)

(੬੫) ਮਨ ਦੀ ਅਸਥਿਰਤਾ ਤੇ ਮਨ ਵਿਖੇ ਨਾਮ ਦਾ ਨਿਵਾਸ:-

- ਨਾਮੋ ਬੀਜੇ ਨਾਮੋ ਜੰਮੈ ਨਾਮੋ ਮੰਨਿ ਵਸਾਏ॥ (੨੪੬)

- ਮਨੁ ਪਰਬੋਧਹੁ ਹਰਿ ਕੈ ਨਾਇ॥ ਦਹ ਦਿਸਿ ਧਾਵਤ ਆਵੈ ਠਾਇ॥ (੨੮੮)

- ਸਤਿਗੁਰ ਹਮਰਾ ਭਰਮੁ ਗਵਾਇਆ॥ ਹਰਿ ਨਾਮੁ ਨਿਰੰਜਨੁ ਮੰਨਿ ਵਸਾਇਆ॥ (੪੨੩)

- ਹਰਿ ਹਰਿ ਨਾਮੁ ਜਪਹੁ ਜਨ ਭਾਈ॥
  ਗੁਰ ਪ੍ਰਸਾਦਿ ਮਨੁ ਅਸਥਿਰੁ ਹੋਵੈ ਅਨਦਿਨੁ ਹਰਿ ਰਸਿ ਰਹਿਆ ਅਘਾਈ॥ (੧੩੩੩)

- ਬੰਧਨ ਤੇ ਛੁਟਕਾਵੈ ਪ੍ਰਭੂ ਮਿਲਾਵੈ ਹਰਿ ਹਰਿ ਨਾਮੁ ਸੁਨਾਵੈ॥
  ਅਸਥਿਰੁ ਕਰੇ ਨਿਹਚਲੁ ਇਹੁ ਮਨੂਆ ਬਹੁਰਿ ਨ ਕਤਹੂ ਧਾਵੈ॥ (੬੭੪)

- ਮਾਈ ਮੈ ਧਨੁ ਪਾਇਓ ਹਰਿ ਨਾਮੁ॥ ਮਨੁ ਮੇਰੋ ਧਾਵਨ ਤੇ ਛੂਟਿਓ ਕਰਿ ਬੈਠੋ ਬਿਸਰਾਮੁ॥ (੧੧੮੬)

(੬੬) ਸਚੇ ਸੰਤੋਖ ਦੀ ਪ੍ਰਾਪਤੀ ਅਤੇ ਸਚੀ ਤ੍ਰਿਪਤਾਸਤਾ:-
- ਨਾਮੁ ਸਾਲਾਹੀ ਰੰਗ ਸਿਉ ਗੁਰ ਕੈ ਸਬਦਿ ਸੰਤੋਖੁ॥ (੬੧)

- ਕਹਾ ਚਲਹੁ ਮਨ ਰਹਹੁ ਘਰੇ॥ ਗੁਰਮੁਖਿ ਰਾਮ ਨਾਮਿ ਤ੍ਰਿਪਤਾਸੇ ਖੋਜਤ ਪਾਵਹੁ ਸਹਜਿ ਹਰੇ॥ (੪੧੪)

- ਅੰਮ੍ਰਿਤੁ ਸਾਚਾ ਨਾਉ ਓਥੈ ਜਾਪੀਐ॥ ਮਨ ਕਉ ਹੋਇ ਸੰਤੋਖੁ ਭੁਖਾ ਧ੍ਰਾਪੀਐ॥ (੫੧੯)

(੬੭) ਸਚੇ ਧਰਮ ਅਤੇ ਸਚੇ ਧੀਰਜ ਦੀ ਪ੍ਰਾਪਤੀ:-
- ਧੀਰਜੁ ਧਰਮੁ ਗੁਰਮਤਿ ਹਰਿ ਪਾਇਆ ਨਿਤ ਹਰਿ ਨਾਮੈ ਹਰਿ ਸਿਉ ਚਿਤੁ ਲਾਵੈ॥ (੪੯੪)

- ਧੀਰਜੁ ਜਸੁ ਸੋਭਾ ਤਿਹ ਬਨਿਆ॥ ਹਰਿ ਹਰਿ ਨਾਮੁ ਸ੍ਰਵਨ ਜਿਹ ਸੁਨਿਆ॥ (੨੫੭)

(੬੮) ਸਚਾ ਜਤਿ ਸਚੀ ਮਤਿ ਸਚੀ ਪਤਿ ਦੀ ਪ੍ਰਾਪਤੀ:-
- ਮੈ ਧਰ ਨਾਮੁ ਅਧਾਰੁ ਹੈ ਹਰਿ ਨਾਮੈ ਤੇ ਗਤਿ ਮਤਿ॥ (੮੨)

- ਮੈ ਹਰਿ ਹਰਿ ਨਾਮੁ ਵਿਸਾਹੁ ਹੈ ਹਰਿ ਨਾਮੇ ਹੀ ਜਤਿ ਪਤਿ॥ (੮੨)

- ਗੁਰਮਤਿ ਨਾਮੁ ਨ ਵੀਸਰੈ ਸਹਜੇ ਪਤਿ ਪਾਈਐ॥ (੨੨੮)

- ਨਾਮਿ ਮਿਲਿਐ ਪਤਿ ਪਾਈਐ ਨਾਮਿ ਮੰਨਿਐ ਸੁਖੁ ਹੋਇ॥ (੨੩੩)

- ਭਗਤਿ ਰਤੇ ਸੇ ਊਤਮਾ ਜਤਿ ਪਤਿ ਸਬਦੇ ਹੋਇ॥
  ਬਿਨੁ ਨਾਵੈ ਸਭ ਨੀਚ ਜਾਤਿ ਹੈ ਬਿਸਟਾ ਕਾ ਕੀੜਾ ਹੋਇ॥ (੪੨੬)

- ਹਰਿ ਹਰਿ ਨਾਮੁ ਜਨ ਕੀ ਪਤਿ ਹੋਇ॥ (੪੨੯)

- ਭਗਤਾ ਕੀ ਜਤਿ ਪਤਿ ਏਕੁ ਨਾਮੁ ਹੈ ਆਪੇ ਲਏ ਸਵਾਰਿ॥
  ਸਦਾ ਸਰਣਾਈ ਤਿਸ ਕੀ ਜਿਉ ਭਾਵੈ ਤਿਉ ਕਾਰਜੁ ਸਾਰਿ॥ (੪੨੯)

(੬੯) ਸਚੀ ਸੋਭਾ ਤੇ ਸਚੀ ਵਡਿਆਈ:-
- ਹਉ ਵਾਰੀ ਜੀਉ ਵਾਰੀ ਹਰਿ ਕੈ ਨਾਇ ਸੋਭਾ ਪਾਵਣਿਆ॥ (੧੧੧)

- ਨਾਨਕ ਨਾਮਿ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ॥ (੧੨੫)

- ਏਕੋ ਨਾਮੁ ਧਿਆਇ ਤੂੰ ਸੁਖੁ ਪਾਵਹਿ ਮੇਰੇ ਭਾਈ॥ ਹਉਮੈ ਦੂਜਾ ਦੂਰਿ ਕਰਿ ਵਡੀ ਵਡਿਆਈ॥ (੪੨੫)

(੨੦) ਸਚੀ ਸਾਂਤੀ ਅਤੇ ਸਚੀ ਲਿਵ:-

- ਹਉਮੈ ਮਾਰਿ ਏਕ ਲਿਵ ਲਾਗੀ ਅੰਤਰਿ ਨਾਮੁ ਵਸਾਇਆ॥ (੮੬)

- ਅਬਿਨਾਸੀ ਪਾਇਆ ਨਾਮੁ ਧਿਆਇਆ ਸਗਲ ਮਨੋਰਥ ਪਾਏ॥
  ਸਾਂਤਿ ਸਹਜ ਆਨੰਦ ਘਨੇਰੇ ਗੁਰ ਚਰਣੀ ਮਨੁ ਲਾਏ॥ (੭੮੦)

- ਨਾਇ ਮੰਨਿਐ ਸਾਂਤਿ ਊਪਜੈ ਹਰਿ ਮੰਨਿ ਵਸਾਇਆ॥ (੧੨੪੨)

(੨੧) ਨਾਮ ਦੇ ਚਲੂਲੇ ਰੰਗ:-

- ਹੀਰੈ ਹੀਰੁ ਮਿਲਿ ਬੇਧਿਆ ਰੰਗਿ ਚਲੂਲੈ ਨਾਇ॥ (੪੦)

- ਜਨ ਨਾਨਕ ਨਾਮੁ ਧਿਆਇਆ ਰੰਗਿ ਰਤੜਾ ਹਰਿ ਰੰਗਿ ਰਤਿ॥ (੮੨)

(੨੨) ਨਾਮ ਦਾ ਪ੍ਰਗਾਸ:-

- ਸੇਵਕ ਭਾਇ ਵਣਜਾਰਿਆ ਮਿਤ੍ਰਾ ਗੁਰੁ ਹਰਿ ਹਰਿ ਨਾਮੁ ਪ੍ਰਗਾਸਿ॥ (੮੨)

- ਹਰਿ ਹਰਿ ਨਾਮੁ ਪਰਗਾਸਿਆ ਮੇਰੇ ਗੋਵਿੰਦਾ ਸਭ ਦਾਲਦ ਦੁਖ ਲਹਿ ਜਾਹੀ ਜੀਉ॥ (੧੭੩)

- ਵਡਭਾਗੀਆ ਸੋਹਾਗਣੀ ਜਿਨਾ ਗੁਰਮੁਖਿ ਮਿਲਿਆ ਹਰਿ ਰਾਇ॥
  ਅੰਤਰ ਜੋਤਿ ਪ੍ਰਗਾਸੀਆ ਨਾਨਕ ਨਾਮਿ ਸਮਾਇ॥ (੩੦੯)

(੨੩) ਨਾਮ ਵਿਖੇ ਸਮਾਈ:-

- ਅਨਦਿਨੁ ਨਾਮੁ ਧਿਆਈਐ ਸਹਜੇ ਨਾਮਿ ਸਮਾਇ॥ (੨੯)

- ਗੁਰਮੁਖਿ ਸਬਦੁ ਪਛਾਣੀਐ ਹਰਿ ਅੰਮ੍ਰਿਤ ਨਾਮਿ ਸਮਾਇ॥ (੨੯)

- ਲਾਹਾ ਹਰਿ ਹਰਿ ਨਾਮੁ ਮਿਲੈ ਸਹਜੇ ਨਾਮਿ ਸਮਾਇ॥ (੩੦)

- ਨਾਨਕ ਸਬਦਿ ਮਿਲਾਵੜਾ ਨਾਮੇ ਨਾਮਿ ਸਮਾਇ॥ (੩੫)

- ਗੁਰ ਪਰਸਾਦੀ ਮਨਿ ਵਸੈ ਨਾਮੇ ਰਹੈ ਸਮਾਇ॥ (੩੬)

- ਅਨਦਿਨੁ ਨਾਮੇ ਰਤਿਆ ਨਾਨਕ ਨਾਮਿ ਸਮਾਇ॥ (੩੬)

- ਨਿਜ ਘਰਿ ਵਾਸਾ ਪਾਇਆ ਹਰਿ ਹਰਿ ਨਾਮਿ ਸਮਾਇ॥ (੬੬)

(੨੪) ਸਹਜ ਪਦ ਦੀ ਪ੍ਰਾਪਤੀ:-

- ਨਾਉ ਧਿਆਈਐ ਨਾਉ ਮੰਗੀਐ ਨਾਮੇ ਸਹਜਿ ਸਮਾਇ॥ (੨੬)

- ਨਾਮੁ ਪਦਾਰਥੁ ਮਨਿ ਵਸਿਆ ਨਾਨਕ ਸਹਜਿ ਸਮਾਇ॥ (੩੪)

- ਗੁਰਮੁਖਿ ਨਾਮੁ ਮਿਲੈ ਮਨੁ ਭੀਜੈ ਸਹਜਿ ਸਮਾਧਿ ਲਗਾਵਣਿਆ॥ (੧੩੦)

(੨੫) ਸਭ ਕਾਰਜ ਰਾਸ ਤੇ ਪੂਰਨ:-
- ਪਾਇਆ ਲਾਹਾ ਲਾਭੁ ਨਾਮੁ ਪੂਰਨ ਹੋਏ ਕਾਮ॥ (੪੬)

- ਨਾਨਕ ਨਾਮੁ ਧਿਆਈਐ ਕਾਰਜੁ ਆਵੈ ਰਾਸਿ॥ (੨੫੭)

- ਹਰਿ ਹਰਿ ਰਸਨਾ ਜੋ ਜਪੈ ਤਿਸੁ ਪੂਰਨ ਕਾਮੁ॥ (੪੦੧)

(੨੬) ਅਮਰ ਪਦ, ਪਰਮ ਪਦ ਦੀ ਪ੍ਰਾਪਤੀ:-
- ਸਾਥਿ ਤੇਰੈ ਸੋ ਸਹੁ ਸਦਾ ਹੈ ਇਕੁ ਖਿਨੁ ਹਰਿ ਨਾਮੁ ਸਮਾਲਹੇ॥
  ਜਨਮ ਜਨਮ ਕੇ ਤੇਰੇ ਪਾਪ ਕਟੇ ਅੰਤਿ ਪਰਮ ਪਦੁ ਪਾਵਹੇ॥ (੪੪੦)

- ਹਰਿ ਹਰਿ ਨਾਮੁ ਮੇਰੈ ਪ੍ਰਾਨਿ ਵਸਾਏ ਸਭੁ ਸੰਸਾ ਦੂਖੁ ਗਵਾਇਆ॥
  ਅਦਿਸਟੁ ਅਗੋਚਰੁ ਗੁਰ ਬਚਨਿ ਧਿਆਇਆ ਪਵਿਤ੍ਰ ਪਰਮ ਪਦੁ ਪਾਇਆ॥ (੪੪੨)

- ਹਰਿ ਹਰਿ ਨਾਮੁ ਅਮਰ ਪਦੁ ਪਾਇਆ ਹਰਿ ਨਾਮਿ ਸਮਾਵੈ ਸੋਈ॥ (੪੪੭)

(੨੭) ਹਲਤਿ ਪਲਤਿ ਸੁਹੇਲੇ:-
- ਹਲਤਿ ਪਲਤਿ ਰਾਮ ਨਾਮਿ ਸੁਹੇਲੇ ਗੁਰਮੁਖਿ ਕਰਣੀ ਸਾਰੀ॥ (੪੪੩)

(੨੮) ਅਨੰਦ ਦੀ ਪ੍ਰਾਪਤੀ:-
- ਨਾਮੁ ਜਪਤ ਮਨਿ ਭਏ ਅਨੰਦ॥ ਰਸਿ ਗਾਏ ਗੁਨ ਪਰਮਾਨੰਦ॥ (੨੦੧)

- ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ॥ ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ॥ (੨੫੨)

- ਜਪਿ ਜਪਿ ਜੀਵਾ ਨਾਮੁ ਹੋਵੈ ਅਨਦੁ ਘਣਾ॥ ਮਿਥਿਆ ਮੋਹੁ ਸੰਸਾਰੁ ਝੂਠਾ ਵਿਣਸਣਾ॥ (੩੯੯)

- ਅਬਿਨਾਸੀ ਪਾਇਆ ਨਾਮੁ ਧਿਆਇਆ ਸਗਲ ਮਨੋਰਥ ਪਾਏ॥
  ਸਾਂਤਿ ਸਹਜ ਆਨੰਦ ਘਨੇਰੇ ਗੁਰ ਚਰਣੀ ਮਨੁ ਲਾਏ॥ (੭੮੦)

(੨੯) ਜਨਮ ਦੀ ਸਫਲਤਾ:-
- ਪੂਰਾ ਸਤਿਗੁਰੁ ਭੇਟਿਆ ਸਫਲ ਜਨਮੁ ਹਮਾਰਾ॥ ਨਾਮੁ ਨਵੈ ਨਿਧਿ ਪਾਇਆ ਭਰੇ ਅਖੁਟ ਭੰਡਾਰਾ॥ (੪੨੯)

- ਸਫਲੁ ਜਨਮੁ ਸਰੀਰੁ ਸਭੁ ਹੋਆ ਜਿਤੁ ਰਾਮ ਨਾਮੁ ਪਰਗਾਸਿਆ॥
  ਨਾਨਕ ਹਰਿ ਭਜੁ ਸਦਾ ਦਿਨੁ ਰਾਤੀ ਗੁਰਮੁਖਿ ਨਿਜ ਘਰਿ ਵਾਸਿਆ॥ (੪੪੪)

(੮੦) ਬਜਰ ਕਪਾਟ ਦਾ ਖੁਲਣਾ:-

- ਬਜਰ ਕਪਾਟ ਕਾਇਆ ਗੜ੍ ਭੀਤਰਿ ਕੂੜੁ ਕੁਸਤੁ ਅਭਿਮਾਨੀ॥
  ਗੁਰ ਸਬਦੀ ਖੋਲਾਈਅਨ੍ ਹਰਿ ਨਾਮੁ ਜਪਾਨੀ॥ (੫੧੪)

(੮੧) ਅਨਹਦ ਸਬਦ ਦੀ ਪ੍ਰਾਪਤੀ:-

- ਆਪਿ ਉਪਾਏ ਆਪਿ ਪ੍ਰਤਿਪਾਲੇ ਜੀਅ ਜੰਤ ਸਭਿ ਸਾਜੇ॥
  ਬਿਨਵੰਤਿ ਨਾਨਕ ਸੁਖੁ ਨਾਮਿ ਭਗਤੀ ਦਰਿ ਵਜਹਿ ਅਨਹਦ ਵਾਜੇ॥ (੫੭੮)

(੮੨) ਸਚੀ ਮੁਕਤਿ:-

- ਮਨਿ ਨਿਰਮਲ ਨਾਮੁ ਧਿਆਈਐ ਤਾ ਪਾਏ ਮੋਖ ਦੁਆਰੁ॥ (੩੩)

- ਬਿਨੁ ਨਾਵੈ ਕੋ ਸੰਗਿ ਨ ਸਾਥੀ ਮੁਕਤੇ ਨਾਮੁ ਧਿਆਵਣਿਆ॥ (੧੦੯)

- ਗੁਰਮੁਖਿ ਪ੍ਰਾਣੀ ਮੁਕਤੁ ਹੈ ਹਰਿ ਹਰਿ ਨਾਮੁ ਸਮਾਲਿ॥ (੨੩੪)

- ਹਰਿ ਹਰਿ ਨਾਮੁ ਸਮਾਲਿ ਤੂੰ ਹਰਿ ਮੁਕਤਿ ਕਰੇ ਅੰਤ ਕਾਲਿ॥ (੨੩੫)

- ਜਿਉ ਤੂੰ ਰਾਖਹਿ ਤਿਉ ਰਹਾ ਹਰਿ ਨਾਮ ਅਧਾਰਾ॥ ਅੰਤਿ ਸਖਾਈ ਪਾਇਆ ਜਨ ਮੁਕਤਿ ਦੁਆਰਾ॥ (੪੨੨)

- ਮਹਾ ਬਿਖਮੁ ਜਮ ਪੰਥੁ ਦੁਹੇਲਾ ਕਾਲੂਖਤ ਮੋਹ ਅੰਧਿਆਰਾ॥
  ਨਾਨਕ ਗੁਰਮੁਖਿ ਨਾਮੁ ਧਿਆਇਆ ਤਾ ਪਾਏ ਮੋਖ ਦੁਆਰਾ॥ (੪੪੩)

- ਕਲ ਮੈ ਮੁਕਤਿ ਨਾਮ ਤੇ ਪਾਵਤ ਗੁਰੁ ਯਹ ਭੇਦੁ ਬਤਾਵੈ॥
  ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ॥ (੮੩੧)

(੮੩) ਜੋਤੀ ਸੰਗਿ ਜੋਤਿ ਦਾ ਰਲਨਾ:-

- ਪਾਇਆ ਨਾਮੁ ਨਿਧਾਨੁ ਜਿਸ ਨੋ ਭਾਲਦਾ॥ ਜੋਤਿ ਮਿਲੀ ਸੰਗਿ ਜੋਤਿ ਰਹਿਆ ਘਾਲਦਾ॥ (੫੨੪)

- ਅਬ ਮਨੁ ਛੂਟਿ ਗਇਆ ਸਾਧੂ ਸੰਗਿ ਮਿਲੇ॥ ਗੁਰਮੁਖਿ ਨਾਮੁ ਲਇਆ ਜੋਤੀ ਜੋਤਿ ਰਲੇ॥ (੭੦੫)

- ਮਤਿ ਪਰਗਾਸੁ ਭਈ ਮਨੁ ਮਾਨਿਆ ਰਾਮ ਨਾਮਿ ਵਡਿਆਈ॥
  ਨਾਨਕ ਪ੍ਰਭੁ ਪਾਇਆ ਸਬਦਿ ਮਿਲਾਇਆ ਜੋਤੀ ਜੋਤਿ ਮਿਲਾਈ॥ (੭੭੬)

(੮੪) ਜੀਵਨ ਮੁਕਤਿ:-

- ਜੀਵਨ ਮੁਕਤੁ ਮਨਿ ਨਾਮੁ ਵਸਾਏ॥ ਗੁਰਮੁਖਿ ਹੋਇ ਤ ਸਚਿ ਸਮਾਏ॥ (੪੧੨)

- ਜਿਸੁ ਨਾਮੁ ਰਿਦੈ ਸੋ ਜੀਵਨ ਮੁਕਤਾ॥ ਜਿਸੁ ਨਾਮੁ ਰਿਦੈ ਤਿਸੁ ਸਭ ਹੀ ਜੁਗਤਾ॥ (੧੧੫੬)

- ਜੀਵਨ ਮੁਕਤਿ ਹਰਿ ਨਾਮੁ ਧਿਆਇਆ ਹਰਿ ਰਾਖਿਆ ਉਰਿ ਧਾਰਿ॥ (੧੨੫੯)

(੮੫) ਗੋਪਾਲ ਵਾਹਿਗੁਰੂ ਦੀ ਪ੍ਰਾਪਤੀ:-

- ਹਰਿ ਹਰਿ ਨਾਮੁ ਜਪੰਤਿਆ ਕਛੁ ਨ ਕਹੈ ਜਮਕਾਲੁ॥ ਨਾਨਕ ਮਨੁ ਤਨੁ ਸੁਖੀ ਹੋਇ ਅੰਤੇ ਮਿਲੈ ਗੋਪਾਲੁ॥ (੪੫੭)

(੮੬) ਕੁਲਾਂ ਦਾ ਉਧਾਰ:-

- ਨਾਮਿ ਰਤੇ ਕੁਲਾਂ ਕਾ ਕਰਹਿ ਉਧਾਰੁ॥ ਸਾਚੀ ਬਾਣੀ ਨਾਮ ਪਿਆਰੁ॥ (੧੧੭੪)

- ਨਾਇ ਮੰਨਿਐ ਕੁਲੁ ਉਧਰੈ ਸਭੁ ਕੁਟੰਬੁ ਸਬਾਇਆ॥ (੧੨੪੧)

(੮੭) ਰਿਧੀਆਂ ਸਿਧੀਆਂ ਨਾਮ ਦੀਆਂ ਦਾਸੀਆਂ:-

- ਨਾਇ ਸੁਣਿਐ ਸਭ ਸਿਧਿ ਹੈ ਰਿਧਿ ਪਿਛੈ ਆਵੈ॥
  ਨਾਇ ਸੁਣਿਐ ਨਉ ਨਿਧਿ ਮਿਲੈ ਮਨ ਚਿੰਦਿਆ ਪਾਵੈ॥ (੧੨੪੦)

- ਨਵ ਨਿਧਿ ਨਾਮੁ ਨਿਧਾਨੁ ਰਿਧਿ ਸਿਧਿ ਤਾ ਕੀ ਦਾਸੀ॥ (੧੩੯੭)

(੮੮) ਨਿਹਾਲੋ ਨਿਹਾਲ:-

- ਸਭਿ ਜਾਚਿਕ ਪ੍ਰਭ ਤੁਮ੍ ਦਇਆਲ॥ ਨਾਮੁ ਜਪਤ ਹੋਵਤ ਨਿਹਾਲ॥ (੧੧੮੧)

(੮੯) ਸਚੀ ਮਤਿ ਪ੍ਰਾਪਤਿ:-

- ਨਾਇ ਮੰਨਿਐ ਦੁਰਮਤਿ ਗਈ ਮਤਿ ਪਰਗਟੀ ਆਇਆ॥
  ਨਾਉ ਮੰਨਿਐ ਹਉਮੈ ਗਈ ਸਭਿ ਰੋਗ ਗਵਾਇਆ॥ (੧੨੪੨)

(੯੦) ਜਗ ਵਿਖੇ ਅਸਥਿਰਤਾ:-

- ਨਾਮੁ ਸਲਾਹਨਿ ਨਾਮੁ ਮੰਨਿ ਅਸਥਿਰੁ ਜਗਿ ਸੋਈ॥ ਹਿਰਦੈ ਹਰਿ ਹਰਿ ਚਿਤਵੈ ਦੂਜਾ ਨਹੀ ਕੋਈ॥ (੧੨੪੭)

(੯੧) ਮਨੁ ਤਨੁ ਦਾ ਭਿਜਣਾ:-

- ਮਨੁ ਤਨੁ ਭੀਜੈ ਏਕ ਲਿਵ ਲਾਗੈ ਸਹਜੇ ਰਹੇ ਸਮਾਈ॥
  ਗੁਰ ਪਰਸਾਦੀ ਭ੍ਰਮੁ ਭਉ ਭਾਗੈ ਏਕ ਨਾਮਿ ਲਿਵ ਲਾਈ॥ (੧੨੬੦)

- ਮਨ ਰੇ ਮਨ ਸਿਉ ਰਹਉ ਸਮਾਈ॥ ਗੁਰਮੁਖਿ ਰਾਮ ਨਾਮਿ ਮਨੁ ਭੀਜੈ ਹਰਿ ਸੇਤੀ ਲਿਵ ਲਾਈ॥ (੧੨੬੦)

(੯੨) ਸਾਰੀ ਸ੍ਰਿਸਟਿ ਨੂੰ ਤਾਰਨਾ:-

- ਜੋ ਅਨਦਿਨੁ ਹਿਰਦੈ ਨਾਮੁ ਧਿਆਵਹਿ ਸਭੁ ਜਨਮੁ ਤਿਨਾ ਕਾ ਸਫਲੁ ਭਇਆ॥
  ਓਇ ਆਪਿ ਤਰੇ ਸ੍ਰਿਸਟਿ ਸਭ ਤਾਰੀ ਸਭੁ ਕੁਲੁ ਭੀ ਪਾਰਿ ਪਇਆ॥ (੧੨੬੪)

- ਉਧਰਹਿ ਆਪਿ ਤਰੈ ਸੰਸਾਰੁ॥ ਰਾਮ ਨਾਮ ਜਪਿ ਏਕੰਕਾਰੁ॥ (੧੮੫)

(੯੩) ਮਨ ਦਾ ਦਸਵੇਂ ਦੁਆਰਿ ਚੜ੍ਹਨਾ:-

- ਗੁਰਮੁਖਿ ਅੰਤਰਿ ਸਹਜੁ ਹੈ ਮਨੁ ਚੜਿਆ ਦਸਵੈ ਆਕਾਸਿ॥

ਤਿਥੈ ਊਂਘ ਨ ਭੁਖ ਹੈ ਹਰਿ ਅੰਮ੍ਰਿਤ ਨਾਮੁ ਸੁਖ ਵਾਸੁ॥ (੧੪੧੪)

(੯੪) ਪਾਰਗਿਰਾਮੀ ਦੇ ਦਰਜੇ ਨੂੰ ਪ੍ਰਾਪਤਿ:-

- ਨਾਮੁ ਜਪਤ ਸਰਬ ਸੁਖੁ ਪਾਈਐ॥ ਸਭੁ ਭਉ ਬਿਨਸੈ ਹਰਿ ਹਰਿ ਧਿਆਈਐ॥
ਜਿਨਿ ਸੇਵਿਆ ਸੋ ਪਾਰਗਿਰਾਮੀ ਕਾਰਜ ਸਗਲੇ ਥੀਏ ਜੀਉ॥ (੧੦੪)

(੯੫) ਮਿਠੇ ਰਸ, ਮਹਾ ਰਸ ਦੀ ਪ੍ਰਾਪਤੀ:-

- ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ॥ (੧੨੪)

- ਨਾਨਕ ਨਾਮੁ ਮਹਾ ਰਸੁ ਮੀਠਾ ਗੁਰਿ ਪੂਰੈ ਸਚੁ ਪਾਇਆ॥ (੨੪੩)

- ਕੂਜਾ ਮੇਵਾ ਮੈ ਸਭ ਕਿਛੁ ਚਾਖਿਆ ਇਕੁ ਅੰਮ੍ਰਿਤੁ ਨਾਮੁ ਤੁਮਾਰਾ॥ (੧੫੫)

(੧੪) ਜਗਤ ਦੀ ਉਤਪਤੀ ਨਾਮ ਦੁਆਰਾ

- ਨਿਰਭਉ ਨਿਰੰਕਾਰੁ ਸਚੁ ਨਾਮੁ॥ ਜਾ ਕਾ ਕੀਆ ਸਗਲ ਜਹਾਨੁ॥ (੪੬੫)

- ਨਾਮੈ ਤੇ ਸਭਿ ਊਪਜੇ ਭਾਈ ਨਾਇ ਵਿਸਰਿਐ ਮਰਿ ਜਾਇ॥
ਅਗਿਆਨੀ ਜਗਤੁ ਅੰਧੁ ਹੈ ਭਾਈ ਸੂਤੇ ਗਏ ਮੁਹਾਇ॥ (੬੦੩)

(੧੫) ਨਾਮ ਦਿਨ ਰਾਤਿ ਜਾਗਦੇ ਸੁਤੇ ਸਾਸਿ ਗਿਰਾਸਿ ਜਪੀ ਹੀ ਜਾਣਾ ਹੈ

- ਅਨਦਿਨੁ ਨਾਮੁ ਧਿਆਈਐ ਸਹਜੇ ਨਾਮਿ ਸਮਾਇ॥ (੨੯)

- ਆਠ ਪਹਰ ਸਿਮਰਹੁ ਪ੍ਰਭ ਨਾਮੁ॥ (੧੮੪)

- ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ॥ (੨੮੯)

- ਅਨਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ॥ (੩੦੮)

- ਉਠਦਿਆ ਬਹਦਿਆ ਸੁਤਿਆ ਸਦਾ ਸਦਾ ਹਰਿ ਨਾਮੁ ਧਿਆਈਐ ਜਨ ਨਾਨਕ ਗੁਰਮੁਖਿ ਹਰਿ ਲਹੀਐ॥ (੫੯੪)

- ਇਨ੍ ਬਿਧਿ ਪਾਸਾ ਢਾਲਹੁ ਬੀਰ॥ ਗੁਰਮੁਖਿ ਨਾਮੁ ਜਪਹੁ ਦਿਨੁ ਰਾਤੀ ਅੰਤ ਕਾਲਿ ਨਹ ਲਾਗੈ ਪੀਰ॥ (੧੧੮੫)

- ਅਨਦਿਨੁ ਨਾਮੁ ਧਿਆਇਦੇ ਨਾਨਕ ਸਚਿ ਸਮਾਇ॥ (੧੨੪੯)

- ਗੁਰ ਸਤਿਗੁਰਿ ਨਾਮੁ ਦ੍ਰਿੜਾਇਓ ਹਰਿ ਹਰਿ ਹਮ ਮੁਏ ਜੀਵੇ ਹਰਿ ਜਪਿਭਾ॥ (੧੩੩੭)

(੧੬) ਗਰਿਸਤ ਵਿੱਚ ਰਹਿਕੇ ਧਰਮ ਕਿਰਤ ਕਰਦਿਆਂ ਨਾਮ ਜਪਣਾ ਗੁਰਮਤਿ ਧਰਮ ਹੈ

- ਨਾਨਕ ਨਾਮੁ ਵਸਿਆ ਜਿਸੁ ਅੰਤਰਿ ਪਰਵਾਣੁ ਗਿਰਸਤ ਉਦਾਸਾ ਜੀਉ॥ (੧੦੮)

- ਜਿਨਿ ਤੂੰ ਜਾਤਾ ਸੋ ਗਿਰਸਤ ਉਦਾਸੀ ਪਰਵਾਣੁ॥ ਨਾਮਿ ਰਤਾ ਸੋਈ ਨਿਰਬਾਣੁ॥ (੩੮੫)

- ਗਿਰਹ ਕੁਟੰਬ ਮਹਿ ਸਹਜਿ ਸਮਾਧੀ॥ ਨਾਨਕ ਨਾਮਿ ਰਤੇ ਸੇ ਸਚੇ ਬੈਰਾਗੀ॥ (੧੨੪੬)

- ਜਪਿ ਮਨ ਰਾਮ ਨਾਮ ਪਰਗਾਸ॥ ਹਰਿ ਕੇ ਸੰਤ ਮਿਲਿ ਪ੍ਰੀਤਿ ਲਗਾਨੀ ਵਿਚੇ ਗਿਰਹ ਉਦਾਸ॥ (੧੨੯੫)

(੧੭) ਨਾਮ ਮੁਖ ਤੇ ਰਸਨਾ ਦੁਆਰਾ ਜਪਣਾ ਹੈ

- ਖੜਿ ਦਰਗਹ ਪੈਨਾਈਐ ਮੁਖਿ ਹਰਿ ਨਾਮ ਨਿਵਾਸੁ॥ (੨੧)

- ਜਾ ਕਉ ਅਪਨੀ ਕਿਰਪਾ ਧਾਰੈ॥ ਸੋ ਜਨੁ ਰਸਨਾ ਨਾਮੁ ਉਚਾਰੈ॥ (੧੯੦)

- ਮਹਾ ਕਸਟ ਕਾਟੈ ਖਿਨ ਭੀਤਰਿ ਰਸਨਾ ਨਾਮੁ ਚਿਤਾਰੇ॥ (੨੧੦)

- ਰਸਨਾ ਜਪੀਐ ਏਕੁ ਨਾਮ॥ ਈਹਾ ਸੁਖੁ ਆਨੰਦੁ ਘਨਾ ਆਗੈ ਜੀਅ ਕੈ ਸੰਗਿ ਕਾਮ॥ (੨੧੧)

- ਅੰਮ੍ਰਿਤੁ ਨਾਮੁ ਰਸਨਾ ਨਿਤ ਗਾਵੈ॥ ਜਿਸ ਨੋ ਕ੍ਰਿਪਾ ਕਰੇ ਸੋ ਹਰਿ ਰਸੁ ਪਾਵੈ॥ (੨੩੨)

- ਅੰਮ੍ਰਿਤ ਨਾਮੁ ਜਪਉ ਜਪੁ ਰਸਨਾ॥ ਅਮੋਲ ਦਾਸੁ ਕਰਿ ਲੀਨੋ ਅਪਨਾ॥ (੩੩੧)

- ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ॥ (੫੧੭)

- ਰਸਨਾ ਜਪੈ ਨ ਨਾਮੁ ਤਿਲੁ ਤਿਲੁ ਕਰਿ ਕਟੀਐ॥ (੧੩੬੨)

- ਨਾਨਕ ਸੇ ਜਾਗੰਨ੍ਹਿ ਜਿ ਰਸਨਾ ਨਾਮੁ ਉਚਾਰਣੇ॥ (੧੪੨੫)

(੧੮) ਸੁਆਸਾਂ ਨਾਲਿ ਨਾਮ ਜਪਣਾ ਹੈ

- ਸਾਸਿ ਸਾਸਿ ਨਾਨਕੁ ਸਾਲਾਹੇ॥ ਸਿਮਰਤ ਨਾਮੁ ਕਾਟੇ ਸਭਿ ਫਾਹੇ॥ (੧੦੪)

- ਮਨ ਰਾਮ ਨਾਮ ਗੁਨ ਗਾਈਐ॥ ਨੀਤ ਨੀਤ ਹਰਿ ਸੇਵੀਐ ਸਾਸਿ ਸਾਸਿ ਹਰਿ ਧਿਆਈਐ॥ (੨੧੧)

- ਦੂਖ ਦਰਦ ਨ ਭਉ ਬਿਆਪੈ ਨਾਮੁ ਸਿਮਰਤ ਸਦ ਸੁਖੀ॥
ਸਾਸਿ ਸਾਸਿ ਅਰਾਧਿ ਹਰਿ ਹਰਿ ਧਿਆਇ ਸੋ ਪ੍ਰਭੁ ਮਨਿ ਮੁਖੀ॥ (੪੫੬)

- ਸਾਸਿ ਸਾਸਿ ਸਿਮਰਉ ਪ੍ਰਭੁ ਅਪੁਨਾ ਸੰਤਸੰਗਿ ਨਿਤ ਰਹੀਐ॥
ਏਕੁ ਅਧਾਰੁ ਨਾਮੁ ਧਨੁ ਮੋਰਾ ਅਨਦੁ ਨਾਨਕ ਇਹੁ ਲਹੀਐ॥ (੫੩੩)

- ਪਾਨੀ ਪਖਾ ਪੀਸਉ ਸੰਤ ਆਗੈ ਗੁਣ ਗੋਵਿੰਦ ਜਸੁ ਗਾਈ॥
ਸਾਸਿ ਸਾਸਿ ਮਨੁ ਨਾਮੁ ਸਮ੍ਹਾਰੈ ਇਹੁ ਬਿਸ੍ਰਾਮ ਨਿਧਿ ਪਾਈ॥ (੬੭੩)

(੧੯) ਹਿਰਦੇ ਵਿਖੇ ਨਾਮ ਜਪਣਾ ਹੈ

- ਹਰਿ ਹਰਿ ਨਾਮੁ ਜਾ ਕੈ ਹਿਰਦੈ ਵਸੈ॥ ਦੂਖੁ ਦਰਦੁ ਤਿਹ ਨਾਨਕ ਨਸੈ॥ (੧੭੯)

- ਜੇ ਕੋ ਆਪੁਨਾ ਦੂਖੁ ਮਿਟਾਵੈ॥ ਹਰਿ ਹਰਿ ਨਾਮੁ ਰਿਦੈ ਸਦ ਗਾਵੈ॥ (੨੬੬)

- ਰਾਮ ਨਾਮ ਜਪਿ ਹਿਰਦੇ ਮਾਹਿ॥ ਨਾਨਕ ਪਤਿ ਸੇਤੀ ਘਰਿ ਜਾਹਿ॥ (੨੮੩)

- ਆਪਸ ਕਉ ਕਰਿ ਕਛੁ ਨ ਜਨਾਵੈ॥ ਹਰਿ ਹਰਿ ਨਾਮੁ ਰਿਦੈ ਸਦ ਧਿਆਵੈ॥ (੨੮੬)

- ਪ੍ਰਥਮੇ ਮਨੁ ਪਰਬੋਧੈ ਅਪਨਾ ਪਾਛੈ ਅਵਰ ਰੀਝਾਵੈ॥
ਰਾਮ ਨਾਮ ਜਪੁ ਹਿਰਦੈ ਜਾਪੈ ਮੁਖ ਤੇ ਸਗਲ ਸੁਨਾਵੈ॥ (੩੮੧)

- ਮਾਇਆ ਮੋਹੁ ਗੁਰ ਸਬਦਿ ਜਲਾਏ॥ ਨਿਰਮਲ ਨਾਮੁ ਸਦ ਹਿਰਦੈ ਧਿਆਏ॥ (੪੧੨)

- ਜਿਨਿ ਸੇਵਿਆ ਤਿਨਿ ਫਲੁ ਪਾਇਆ ਤਿਸੁ ਜਨ ਕੀ ਸਭ ਭੁਖ ਗਵਾਈਐ॥
ਨਾਨਕੁ ਤਿਨ ਵਿਟਹੁ ਵਾਰਿਆ ਜਿਨ ਅਨਦਿਨੁ ਹਿਰਦੈ ਹਰਿ ਨਾਮੁ ਧਿਆਈਐ॥ (੫੯੦)

- ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ ਦੁਰਮਤਿ ਖੋਈ॥
ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ॥ (੬੧੭)

- ਹਰਿ ਨਾਮੁ ਰਿਦੈ ਪਰੋਇਆ॥ ਸਭੁ ਕਾਜੁ ਹਮਾਰਾ ਹੋਇਆ॥ (੬੨੭)

- ਤਾਪ ਪਾਪ ਤੇ ਰਾਖੇ ਆਪ॥ ਸੀਤਲ ਭਏ ਗੁਰ ਚਰਨੀ ਲਾਗੇ ਰਾਮ ਨਾਮ ਹਿਰਦੇ ਮਹਿ ਜਾਪ॥ (੮੨੫)

- ਮਨ ਰੇ ਰਾਮ ਭਗਤਿ ਚਿਤੁ ਲਾਈਐ॥ ਗੁਰਮੁਖਿ ਰਾਮ ਨਾਮੁ ਜਪਿ ਹਿਰਦੈ ਸਹਜ ਸੇਤੀ ਘਰਿ ਜਾਈਐ॥(੧੧੨੭)

- ਸਾਧਸੰਗਤਿ ਮਹਿ ਇਹੁ ਬਿਸ੍ਰਾਮੁ॥ ਸਦਾ ਰਿਦੈ ਜਪੀ ਪ੍ਰਭ ਤੇਰੋ ਨਾਮੁ॥ (੧੧੮੧)

- ਹਿਰਦੈ ਪ੍ਰਤੀਤਿ ਬਨੀ ਪ੍ਰਭ ਕੇਰੀ ਸੇਵਾ ਸੁਰਤਿ ਬੀਚਾਰੀ॥
ਅਨਦਿਨੁ ਰਾਮ ਨਾਮੁ ਜਪਿ ਹਿਰਦੈ ਸਰਬ ਕਲਾ ਗੁਣਕਾਰੀ॥ (੧੧੯੮)

- ਬਿਨੁ ਜਿਹਵਾ ਜੋ ਜਪੈ ਹਿਆਇ॥ ਕੋਈ ਜਾਣੈ ਕੈਸਾ ਨਾਉ॥ (੧੨੫੬)

- ਹਰਿ ਨਾਮੁ ਧਿਆਵਹੁ ਮੇਰੇ ਗੁਰਸਿਖਹੁ ਹਰਿ ਊਤਮੁ ਹਰਿ ਨਾਮੁ ਅਮੋਲੁ॥
ਜਿਨ ਧਿਆਇਆ ਹਿਰਦੈ ਦਿਨਸੁ ਰਾਤਿ ਤੇ ਮਿਲੇ ਨਹੀ ਹਰਿ ਰੋਲੁ॥ (੧੩੧੭)

(੨੦) ਸੁਰਤੀ ਕਰਕੇ ਨਾਮ ਜਪਣਾ ਹੈ

- ਨਾਮ ਨਿਰੰਜਨ ਏਕ ਲਿਵ ਲਾਗੀ ਜੀਉ॥ (੨੧੭)

- ਨਾਮੁ ਸੁਣੇ ਨਾਮੁ ਸੰਗ੍ਰਹੈ ਨਾਮੇ ਲਿਵ ਲਾਵਉ॥ (੩੧੮)

- ਨਾਮੈ ਸੁਰਤਿ ਸੁਨੀ ਮਨਿ ਭਾਈ॥ (੩੬੭)

- ਐ ਜੀਉ ਨਾਮੁ ਦਿੜਹੁ ਨਾਮੇ ਲਿਵ ਲਾਵਹੁ ਸਤਿਗੁਰ ਟੇਕ ਟਿਕਾਈ॥ (੫੦੪)

- ਸੇ ਜਨ ਧੰਨੁ ਜਿਨ ਇਕ ਨਾਮਿ ਲਿਵ ਲਾਇ॥ (੬੬੬)

- ਸਤਿਗੁਰੁ ਭੇਟੈ ਸੋਝੀ ਪਾਇ॥ ਸਚੈ ਨਾਮਿ ਰਹੈ ਲਿਵ ਲਾਇ॥ (੧੩੪੨)

(੨੧) ਰੋਮਿ ਰੋਮਿ ਨਾਮ ਜਪਣਾ ਹੈ

- ਬਾਣੀ ਰਾਮ ਨਾਮ ਸੁਣੀ ਸਿਧਿ ਕਾਰਜ ਸਭਿ ਸੁਹਾਏ ਰਾਮ॥
ਰੋਮੇ ਰੋਮਿ ਰੋਮਿ ਰੋਮੇ ਮੈ ਗੁਰਮੁਖਿ ਰਾਮੁ ਧਿਆਏ ਰਾਮ॥ (੪੪੩)

- ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ॥ (੯੪੧)

(੨੨) ਮਨ ਚਿਤ ਕਰਕੇ ਨਾਮ ਹੀ ਜਪਣਾ ਹੈ

- ਜਿਨੀ ਨਾਮੁ ਧਿਆਇਆ ਇਕ ਮਨਿ ਇਕ ਚਿਤਿ ਸੇ ਅਸਥਿਰੁ ਜਗਿ ਰਹਿਆ॥ (੮੭)

- ਨਾਨਕ ਨਾਮੁ ਵਸੈ ਮਨ ਅੰਤਰਿ ਗੁਰਮੁਖਿ ਮੈਲੁ ਚੁਕਾਵਣਿਆ॥ (੧੨੧)

- ਐਸਾ ਹਰਿ ਨਾਮੁ ਮਨਿ ਚਿਤਿ ਨਿਤਿ ਧਿਆਵਹੁ ਜਨ ਨਾਨਕ ਜੋ ਅੰਤੀ ਅਉਸਰਿ ਲਏ ਛਡਾਇਆ॥ (੧੬੮)

- ਨਾਮੁ ਜਪਹੁ ਮੇਰੇ ਗੁਰਸਿਖ ਮੀਤਾ॥ ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਗੁਰਮਤਿ ਮਨਿ ਚੀਤਾ॥ (੩੬੭)

- ਤੇਰੇ ਜਨ ਧਿਆਵਹਿ ਇਕਿ ਮਨਿ ਇਕ ਚਿਤਿ ਤੇ ਸਾਧੂ ਸੁਖ ਪਾਵਹਿ ਜਪਿ ਹਰਿ ਹਰਿ ਨਾਮੁ ਨਿਧਾਨ॥ (੧੨੯੮)

- ਸਦਾ ਜਨ ਨਿਰਮਲ ਮੈਲੁ ਨ ਲਾਗੈ ਸਚਿ ਨਾਮਿ ਚਿਤੁ ਲਾਈ॥ (੧੩੩੩)

(੨੩) ਨਾਮ ਜਪਦਿਆਂ ਧਿਆਨ ਨਾਮ ਤੇ ਹੀ ਟਿਕਾਉਣਾ ਹੈ

- ਹਰਿ ਨਾਮੁ ਧਿਆਵੈ ਹਰਿ ਨਾਮੋ ਗਾਵੈ ਹਰਿ ਨਾਮੋ ਅੰਤਿ ਛਡਾਇ॥ (੫੧੨)

- ਗੁਰਮੁਖਿ ਧਿਆਨ ਸਹਜ ਧੁਨਿ ਉਪਜੈ ਸਚਿ ਨਾਮਿ ਚਿਤੁ ਲਾਇਆ॥
  ਗੁਰਮੁਖਿ ਅਨਦਿਨੁ ਰਹੈ ਰੰਗਿ ਰਾਤਾ ਹਰਿ ਕਾ ਨਾਮੁ ਮਨਿ ਭਾਇਆ॥ (੫੧੨)

- ਜਨ ਨਾਨਕ ਨਾਮੁ ਧਿਆਇਆ॥ ਤਿਨਿ ਸਰਬ ਸੁਖਾ ਫਲ ਪਾਇਆ॥ (੬੨੭)

- ਗੁਰ ਕਾ ਸਬਦੁ ਮੇਰੈ ਅੰਤਰਿ ਧਿਆਨੁ॥ ਹਉ ਕਬਹੁ ਨ ਛੋਡਉ ਹਰਿ ਕਾ ਨਾਮੁ॥ (੧੧੫੪)

- ਅੰਮ੍ਰਿਤ ਨਾਮੁ ਪ੍ਰਿਅ ਪ੍ਰੀਤਿ ਮਨੋਹਰ ਇਹੈ ਅਘਾਵਨ ਪਾਂਨ ਕਉ॥
  ਅਕਾਲ ਮੂਰਤਿ ਹੈ ਸਾਧ ਸੰਤਨ ਕੀ ਠਾਹਰ ਨੀਕੀ ਧਿਆਨ ਕਉ॥ (੧੨੦੮)

(੨੪) ਗੁਰਬਾਣੀ ਦਾ ਪਾਠ ਤੇ ਕੀਰਤਨ ਕਰਦਿਆਂ ਜਾਂ ਸੁਣਦਿਆਂ ਚਿਤਿ ਸੁਰਤੀ ਨਾਮ ਵਿਚਿ ਹੀ ਲਾਉਣੇ ਹਨ

- ਅੰਮ੍ਰਿਤ ਬਾਣੀ ਮੰਨਿ ਵਸਾਏ ਅੰਮ੍ਰਿਤੁ ਨਾਮੁ ਧਿਆਵਣਿਆ॥ (੧੧੮)

- ਹਰਿ ਹਰਿ ਨਾਮੁ ਧਿਆਇ ਗੁਰਬਾਣੀ ਨਿਤ ਨਿਤ ਚਵਾ ਬਲਿ ਰਾਮ ਜੀਉ॥ (੭੭੩)

- ਜਿਉ ਪੁਰਖੈ ਘਰਿ ਭਗਤੀ ਨਾਰਿ ਹੈ ਅਤਿ ਲੋਚੈ ਭਗਤੀ ਭਾਇ॥
  ਬਹੁ ਰਸ ਸਾਲਣੇ ਸਵਾਰਦੀ ਖਟ ਰਸ ਮੀਠੇ ਪਾਇ॥
  ਤਿਉ ਬਾਣੀ ਭਗਤ ਸਲਾਹਦੇ ਹਰਿ ਨਾਮੈ ਚਿਤੁ ਲਾਇ॥ (੧੪੧੩)

(੨੫) ਗੁਰ ਮੂਰਤਿ ਦੇ ਗੁਰਮਤਿ ਅਰਥ

- ਏਕਾ ਮੂਰਤਿ ਸਾਚਾ ਨਾਉ॥ ਤਿਥੈ ਨਿਬੜੈ ਸਾਚੁ ਨਿਆਉ॥ (੧੧੮੮)

- ਪ੍ਰੀਤਮ ਸਾਚਾ ਨਾਮੁ ਧਿਆਇ॥ ਦੂਖ ਦਰਦ ਬਿਨਸੈ ਭਵ ਸਾਗਰੁ ਗੁਰ ਕੀ ਮੂਰਤਿ ਰਿਦੈ ਬਸਾਇ॥ (੧੨੬੮)

- ਗੁਰੁ ਮੂਰਤਿ ਗੁਰ ਸਬਦੁ ਸੁਣਿ ਸਾਧਸੰਗਤਿ ਆਸਣੁ ਨਿਰੰਕਾਰੀ॥ ਵਾਰ ਭ: ਗੁਰਦਾਸ ੧੧/੨

- ਗੁਰਮੂਰਤਿ ਗੁਰ ਸਬਦੁ ਹੈ ਸਾਧਸੰਗਤਿ ਮਿਲਿ ਅੰਮ੍ਰਿਤ ਵੇਲਾ॥ (ਵਾਰ ਭ: ਗੁਰਦਾਸ ੨੪/੧੧)

- ਗੁਰ ਮੂਰਤਿ ਗੁਰ ਸਬਦੁ ਹੈ ਸਾਧਸੰਗਤਿ ਵਿਚਿ ਪਰਗਟੀ ਆਇਆ॥ (ਵਾਰ ਭ: ਗੁਰਦਾਸ ੨੪/੨੫)

(੨੬) ਨਾਮ ਅਥਵਾ ਸਬਦ ਸੁਰਤਿ ਪ੍ਰਥਾਇ ਭਾਈ ਗੁਰਦਾਸ ਜੀ ਦੇ ਫੈਸਲੇ

- ਸਬਦਿ ਸੁਰਤਿ ਲਿਵ ਲੀਣੁ ਹੋਇ ਆਪਿ ਰੀਝਿ ਰੀਝਾਏ॥ (ਵਾਰ ੨ ਪਉੜੀ ੨)

- ਸਬਦਿ ਸੁਰਤਿ ਉਪਦੇਸੁ ਸਚਿ ਸਮਾਣਿਆ॥ (ਵਾਰ ੩ ਪਉੜੀ ੧)

- ਸਬਦਿ ਸੁਰਤਿ ਪਰਗਾਸ ਅਛਲ ਛਲੇਉ ਹੈ॥ (੩, ੨)

- ਸਬਦੁ ਗੁਰੂ ਗੁਰੁ ਵਾਹੁ ਗੁਰਮੁਖਿ ਪਾਇਆ॥ ਚੇਲਾ ਸੁਰਤਿ ਸਮਾਹੁ ਅਲਖੁ ਲਖਾਇਆ॥ (੩, ੪)

- ਸਬਦੁ ਸੁਰਤਿ ਅਸਗਾਹੁ ਅਘੜ ਘੜਾਇਆ॥ (੩, ੪)

- ਸਬਦ ਸੁਰਤਿ ਪਰਸੰਗ ਗਿਆਨ ਸੰਗ ਮੇਲਿਆ॥ (੩, ੧੬)

- ਸਬਦ ਸੁਰਤਿ ਹੁਸਨਾਕ ਪਾਰਿ ਪਰੀਵਣਾ॥ (੩, ੧੯)

- ਸਬਦਿ ਸੁਰਤਿ ਲਿਵ ਲਾਇ ਹੁਕਮੁ ਕਮਾਇਆ॥ (੩, ੨੦)

- ਸਬਦਿ ਸੁਰਤਿ ਸਾਵਧਾਨ ਹੋਇ ਵਿਣੁ ਗੁਰ ਸਬਦਿ ਨ ਸੁਣਈ ਬੋਲਾ॥ (੪, ੧੭)

- ਦੁਰਮਤਿ ਦੁਬਿਧਾ ਦੂਰਿ ਕਰਿ ਗੁਰਮਤਿ ਸਬਦ ਸੁਰਤਿ ਮਨੁ ਸਿਤਾ॥ (੫,੨)

- ਸਬਦੁ ਸੁਰਤਿ ਲਿਵ ਲੀਣੁ ਹੋਇ ਸਤਿਗੁਰ ਬਾਣੀ ਗਾਇ ਸੁਣੰਦੇ॥ (੬, ੩)

- ਸਬਦ ਸੁਰਤਿ ਸਤਿਸੰਗਿ ਮਿਲਿ ਗੁਰ ਚੇਲੇ ਦੀ ਸੰਧਿ ਮਿਲਾਏ॥ (੬, ੬)

- ਸਬਦ ਸੁਰਤਿ ਲਿਵ ਸਾਧਸੰਗਿ ਪੰਚ ਸਬਦ ਇਕ ਸਬਦ ਮਿਲਾਏ॥ (੬, ੧੦)

- ਸਬਦ ਸੁਰਤਿ ਲਿਵ ਲੀਣ ਹੋਇ ਅਕਥ ਕਥਾ ਗੁਰ ਸਬਦੁ ਸੁਣੰਦੇ॥ (੬, ੧੪)

- ਸਬਦ ਸੁਰਤਿ ਲਿਵ ਸਾਧਸੰਗਿ ਗੁਰ ਕਿਰਪਾ ਤੇ ਅੰਦਰਿ ਆਣੈ॥ (੬, ੧੯)

- ਸਬਦੁ ਸੁਰਤਿ ਲਿਵ ਅਲਖੁ ਲਖਾਏ॥ (੫, ੫)

- ਸਬਦੁ ਗੁਰੂ ਗੁਰੁ ਜਾਣੀਐ ਗੁਰਮੁਖਿ ਹੋਇ ਸੁਰਤਿ ਧੁਨਿ ਚੇਲਾ॥ (੭, ੨੦)

- ਸਬਦਿ ਸੁਰਤਿ ਲਿਵ ਲੀਨੁ ਹੋਇ ਦਰਗਹ ਮਾਣ ਨਿਮਾਣਾ ਪਾਏ॥ (੮, ੨੪)

- ਸਬਦ ਸੁਰਤਿ ਲਿਵ ਲੀਣ ਹੋਇ ਅਨਹਦਿ ਧੁਨਿ ਧੀਰਾ॥ (੯, ੮)

- ਸਬਦ ਸੁਰਤਿ ਲਿਵ ਲੀਣ ਹੋਇ ਅੰਤਰਿ ਗਤਿ ਲੇਖੈ॥ (੯, ੧੦)

- ਗੁਰੁ ਮੂਰਤਿ ਗੁਰ ਸਬਦੁ ਸੁਣਿ ਸਾਧਸੰਗਤਿ ਆਸਣੁ ਨਿਰੰਕਾਰੀ॥ (੧੧, ੨)

- ਸਬਦ ਸੁਰਤਿ ਲਿਵ ਲੀਣੁ ਹੋਇ ਸਾਧਸੰਗਤਿ ਸਚਿ ਮੇਲਿ ਮਿਲਾਇਆ॥ (੧੧, ੪)

- ਪਿਰਮ ਪਿਆਲਾ ਸਾਧਸੰਗ ਸਬਦ ਸੁਰਤਿ ਅਨਹਦ ਲਿਵ ਲਾਈ॥ (੧੧,੮)

- ਸਬਦ ਸੁਰਤਿ ਲਿਵ ਸਾਧਸੰਗਿ ਗੁਰਮੁਖਿ ਸੁਖ ਫਲ ਅੰਮ੍ਰਿਤ ਵਾਣੀ॥ (੧੨, ੧੩)

- ਪਾਰਬ੍ਰਹਮੁ ਪੂਰਨ ਬ੍ਰਹਮੁ ਸਬਦਿ ਸੁਰਤਿ ਸਤਿਗੁਰ ਗੁਰ ਚੇਲਾ॥ (੧੨, ੧੬)

- ਮਾਨਸਰੋਵਰਿ ਪਰਮ ਹੰਸ ਗੁਰਮੁਖਿ ਸਬਦ ਸੁਰਤਿ ਲਿਵ ਲਾਏ॥ (੧੨, ੧੮)

- ਸਬਦ ਸੁਰਤਿ ਸੁਣਿ ਗਾਉ ਅੰਦਰਿ ਆਣੀਐ॥ (੧੪,੧)

- ਸਬਦ ਸੁਰਤਿ ਲਿਵ ਲੀਣੁ ਹੋਇ ਪਿਰਮ ਪਿਆਲਾ ਅਪਿਉ ਪਿਓਈ॥ (੧੫, ੨੦)

- ਗੁਰਮੁਖਿ ਸੁਖ ਫਲ ਸਾਧਸੰਗੁ ਸਬਦ ਸੁਰਤਿ ਲਿਵ ਅਘੜ ਘੜਾਏ॥ (੧੬, ੯)

- ਸਬਦੁ ਸੁਰਤਿ ਲਿਵ ਪਿਰਮ ਰਸੁ ਅਕਥ ਕਹਾਣੀ ਕਥੀ ਨ ਜਾਏ॥ (੧੬, ੧੦)

- ਸਬਦ ਸੁਰਤਿ ਲਿਵ ਲੀਣੁ ਹੋਇ ਚੰਦਨ ਵਾਸ ਨਿਵਾਸ ਕਰੰਦਾ॥ (੧੬, ੧੩)

- ਸਬਦ ਸੁਰਤਿ ਲਿਵਲੀਣ ਹੋਇ ਅਨਭਉ ਅਘੜ ਘੜਾਏ ਗਹਣਾ॥ (੧੮, ੨੨)

- ਸਬਦ ਸੁਰਤਿ ਲਿਵਲਾਇ ਅਨਹਦ ਵਾਇਆ॥ (੧੯, ੨੧)

- ਸਬਦ ਸੁਰਤਿ ਗੁਰ ਸਿਖੁ ਹੋਇ ਅਨਹਦ ਬਾਣੀ ਨਿਝਰਧਾਰਾ॥ (੨੪, ੧੪)

- ਸਬਦ ਸੁਰਤਿ ਉਪਦੇਸੁ ਲਿਵ ਪਾਰਬ੍ਰਹਮ ਗੁਰੁ ਗਿਆਨੁ ਜਣਾਇਆ॥ (੨੫, ੨)

- ਗਿਆਨ ਧਿਆਨ ਸਿਮਰਣਿ ਸਦਾ ਗੁਰਮੁਖਿ ਸਬਦਿ ਸੁਰਤਿ ਲਿਵ ਲਾਈ॥ (੨੫, ੧੪)

- ਸਬਦ ਸੁਰਤਿ ਲਿਵਲੀਣੁ ਹੋਇ ਨਿਰੰਕਾਰ ਸਚਖੰਡਿ ਨਿਵਾਸੀ॥ (੨੫, ੧੮)

- ਵਡਭਾਗੀ ਗੁਰੁਸਿਖ ਜਗਿ ਸਬਦੁ ਸੁਰਤਿ ਸਤਸੰਗਿ ਮਿਲੰਦੇ॥ (੨੬, ੧੪)

- ਗੁਰਸਿਖੀ ਦਾ ਸਿਖਣਾ ਸਬਦਿ ਸੁਰਤਿ ਸਤਸੰਗਤਿ ਸਿਖੈ॥ (੨੮, ੫)

- ਗੁਰਸਿਖੀ ਮਿਲਿ ਸਾਧਸੰਗਿ ਸਬਦ ਸੁਰਤਿ ਜਗੁ ਦੁਤਰੁ ਤਰਣਾ॥ (੨੮, ੧੦)

- ਸਬਦੁ ਸੁਰਤਿ ਲਿਵਲੀਣੁ ਹੁਇ ਗੁਰੁ ਚੇਲਾ ਪਰਚਾ ਪਰਚਾਇਆ॥ (੩੯, ੧)

- ਸਚੁ ਸਬਦ ਪਰਗਾਸ ਕਰਿ ਸਬਦ ਸੁਰਤਿ ਸਚੁ ਸਚੁ ਮਿਲਾਇਆ॥ (੩੯, ੧੧)

- ਇਕੋ ਇਕ ਵਰਤਦਾ ਸਬਦ ਸੁਰਤਿ ਸਤਿਗੁਰੂ ਜਾਣਾਸੀ॥ (੪੦, ੨੧)

(੨੭) ਗੁਰਮਤਿ ਨਾਮ ਤੁਲਿ ਹੋਰ ਕੋਈ ਕਰਮ ਧਰਮ ਨਹੀ

- ਹਰਿ ਨਾਮੈ ਤੁਲਿ ਨ ਪੁਜਈ ਜੇ ਲਖ ਕੋਟੀ ਕਰਮ ਕਮਾਇ॥ (੬੨)

- ਨਾਮ ਤੁਲਿ ਕਛੁ ਅਵਰੁ ਨ ਹੋਇ॥ ਨਾਨਕ ਗੁਰਮੁਖਿ ਨਾਮੁ ਪਾਵੈ ਜਨੁ ਕੋਇ॥ (੨੬੫)

- ਹਰਿ ਕੇ ਨਾਮ ਸਮਸਰਿ ਕਛੁ ਨਾਹਿ॥ ਨਾਨਕ ਗੁਰਮੁਖਿ ਨਾਮੁ ਜਪਤ ਗਤਿ ਪਾਹਿ॥ (੨੬੫)

- ਨਾਨਕ ਨਾਮੁ ਮਿਲੈ ਵਡਿਆਈ ਏਦੂ ਉਪਰਿ ਕਰਮੁ ਨਹੀ॥ (੯੦੩)

- ਜਿਨੀ ਨਾਮੁ ਵਿਸਾਰਿਆ ਬਹੁ ਕਰਮ ਕਮਾਵਹਿ ਹੋਰਿ॥
  ਨਾਨਕ ਜਮ ਪੁਰਿ ਬਧੇ ਮਾਰੀਅਹਿ ਜਿਉ ਸੰਨ੍ਹੀ ਉਪਰਿ ਚੋਰ॥ (੧੨੪੭)

- ਕੰਚਨਾ ਬਹੁ ਦਤ ਕਰਾ॥ ਭੂਮਿ ਦਾਨੁ ਅਰਪਿ ਧਰਾ॥
  ਮਨ ਅਨਿਕ ਸੋਚ ਪਵਿਤ੍ਰ ਕਰਤ ॥ ਨਾਹੀ ਰੇ ਨਾਮ ਤੁਲਿ ਮਨ ਚਰਨ ਕਮਲ ਲਾਗੇ ॥ਰਹਾਉ ॥
  ਚਾਰਿ ਬੇਦ ਜਿਹਵ ਭਨੇ ॥ ਦਸ ਅਸਟ ਖਸਟ ਸ੍ਰਵਨ ਸੁਨੇ ॥
  ਨਹੀ ਤੁਲਿ ਗੋਬਿਦ ਨਾਮ ਧੁਨੇ ॥ ਮਨ ਚਰਨ ਕਮਲ ਲਾਗੇ ॥
  ਬਰਤ ਸੰਧਿ ਸੋਚ ਚਾਰ ॥ ਕ੍ਰਿਆ ਕੁੰਟਿ ਨਿਰਾਹਾਰ ॥
  ਅਪਰਸ ਕਰਤ ਪਾਕਸਾਰ ॥ ਨਿਵਲੀ ਕਰਮ ਬਹੁ ਬਿਸਥਾਰ ॥
  ਧੂਪ ਦੀਪ ਕਰਤੇ ਹਰਿ ਨਾਮ ਤੁਲਿ ਨ ਲਾਗੇ ॥ (੧੨੨੯)

- ਜਿਨ੍ਹੀ ਨਾਮੁ ਵਿਸਾਰਿਆ ਕਿਆ ਜਪੁ ਜਾਪਹਿ ਹੋਰਿ॥ ਬਿਸਟਾ ਅੰਦਰਿ ਕੀਟ ਸੇ ਮੁਠੇ ਧੰਧੈ ਚੋਰਿ॥ (੧੨੪੭)

(੨੯) ਗੁਰਸਿਖਾਂ ਲਈ ਗੁਰਮਤਿ ਨਾਮ ਜਪਣਾ ਹੀ ਅਸਲੀ ਕਰਮ, ਧਰਮ, ਟਹਲ ਸੇਵਾ, ਜਪ ਤਪ, ਪੁੰਨ ਦਾਨ, ਪੂਜਾ ਅਰਚਾ, ਬੰਦਨਿ ਦੇਵਾ, ਜਤਿ ਸਤਿ, ਸੁਚ ਸੰਜਮ, ਕਰਣੀ ਕਾਰਾਂ, ਤੀਰਥ ਮਜਨ, ਮੰਤ੍ਰ ਤੰਤ੍ਰ ਜੰਤ੍ਰ, ਜਾਤਿ ਪਾਤਿ, ਚਜ ਆਚਾਰ, ਰਿਧ ਸਿਧ ਨੌਨਿਧ, ਜੋਗ ਰਾਜ, ਗਿਆਨ ਧਿਆਨ, ਕਰਮ ਕਾਂਡ, ਵਿਦਿਆ ਵੀਚਾਰ, ਬੇਦ ਕਤੇਬ, ਸਿਮ੍ਰਿਤ ਸਾਸਤ੍ਰ ਅਤੇ ਸਭ ਅਰਥਾ ਹਨ

- ਜਤੁ ਸਤੁ ਸੰਜਮੁ ਨਾਮੁ ਹੈ ਵਿਣੁ ਨਾਵੈ ਨਿਰਮਲੁ ਨ ਹੋਇ॥ (੩੩)

- ਸਚੁ ਸੰਜਮੁ ਕਰਣੀ ਕਾਰਾਂ ਨਾਵਣੁ ਨਾਉ ਜਪੇਹੀ॥ (੯੧)

- ਗੁਰਮੁਖਿ ਰਿਧਿ ਸਿਧਿ ਸਚੁ ਸੰਜਮੁ ਸੋਈ॥ ਗੁਰਮੁਖਿ ਗਿਆਨੁ ਨਾਮਿ ਮੁਕਤਿ ਹੋਈ॥ (੧੧੭)

- ਜਤੁ ਸਤੁ ਤੀਰਥੁ ਮਜਨੁ ਨਾਮਿ॥ ਅਧਿਕ ਬਿਥਾਰੁ ਕਰਉ ਕਿਸੁ ਕਾਮਿ॥ (੧੫੩)

- ਕਰਮੁ ਧਰਮੁ ਤੇਰੇ ਨਾਮ ਕੀ ਜਾਤਿ॥ (੧੫੪)

- ਕਰਮ ਕਾਂਡ ਬਹੁ ਕਰਹਿ ਅਚਾਰ॥ ਬਿਨੁ ਨਾਵੈ ਧ੍ਰਿਗੁ ਧ੍ਰਿਗੁ ਅਹੰਕਾਰ॥ (੧੬੨)

- ਮੰਤ੍ਰ ਤੰਤ੍ਰ ਅਉਖਧੁ ਪੁਨਹਚਾਰੁ॥ ਹਰਿ ਹਰਿ ਨਾਮੁ ਜੀਅ ਪ੍ਰਾਨ ਅਧਾਰੁ॥ (੧੮੪)

- ਹਰਿ ਹਰਿ ਨਾਮਿ ਮਜਨੁ ਕਰਿ ਸੂਚੇ॥ ਕੋਟਿ ਗ੍ਰਹਣ ਪੁੰਨ ਫਲ ਮੂਚੇ॥ (੧੯੭)

- ਜੋਗ ਗਿਆਨ ਸਿਧ ਸੁਖ ਜਾਨੇ॥ ਨਾਮੁ ਜਪਤ ਪ੍ਰਭ ਸਿਉ ਮਨ ਮਾਨੇ॥ (੨੦੨)

- ਪੂਜਾ ਅਰਚਾ ਬੰਦਨ ਦੇਵਾ ਜੀਉ॥ ਦਾਸਨਿ ਦਾਸੁ ਨਾਮੁ ਜਪਿ ਲੇਵਾ ਜੀਉ॥ (੨੧੭)

- ਗੁਰਮੁਖਿ ਜਾਤਿ ਪਤਿ ਨਾਮੇ ਵਡਿਆਈ॥ ਨਾਨਕ ਬਿਨੁ ਨਾਵੈ ਝੂਠੀ ਚਤੁਰਾਈ॥ (੨੩੦)

- ਹਰਿ ਕੀ ਟਹਲ ਕਮਾਵਣੀ ਜਪੀਐ ਪ੍ਰਭ ਕਾ ਨਾਮੁ॥ ਗੁਰ ਪੂਰੇ ਤੇ ਪਾਇਆ ਨਾਨਕ ਸੁਖ ਬਿਸ੍ਰਾਮੁ॥ (੩੦੦)

- ਕਰਮ ਧਰਮ ਸਚੁ ਸਾਚਾ ਨਾਉ॥ ਤਾ ਕੈ ਸਦ ਬਲਿਹਾਰੈ ਜਾਉ॥ (੩੫੩)

- ਹਮਰੀ ਜਾਤਿ ਪਤਿ ਸਚੁ ਨਾਉ॥ ਕਰਮ ਧਰਮ ਸੰਜਮੁ ਸਤ ਭਾਉ॥ (੩੫੩)

- ਪਾਂਡੇ ਐਸਾ ਬ੍ਰਹਮ ਬੀਚਾਰੁ॥ ਨਾਮੇ ਸੁਚਿ ਨਾਮੋ ਪੜਉ ਨਾਮੇ ਚਜੁ ਆਚਾਰੁ॥ (੩੫੫)

- ਹਰਿ ਸੇਵਾ ਮਹਿ ਪਰਮ ਨਿਧਾਨੁ॥ ਹਰਿ ਸੇਵਾ ਮੁਖਿ ਅੰਮ੍ਰਿਤ ਨਾਮੁ॥ (੩੭੫)

- ਰਾਜ ਲੀਲਾ ਤੇਰੈ ਨਾਮਿ ਬਨਾਈ॥ ਜੋਗੁ ਬਨਿਆ ਤੇਰਾ ਕੀਰਤਨੁ ਗਾਈ॥ (੩੮੫)

- ਭਗਤਾ ਕੀ ਜਤਿ ਪਤਿ ਏਕੋ ਨਾਮੁ ਹੈ ਆਪੇ ਲਏ ਸਵਾਰਿ॥
ਸਦਾ ਸਰਣਾਈ ਤਿਸ ਕੀ ਜਿਉ ਭਾਵੈ ਤਿਉ ਕਾਰਜੁ ਸਾਰਿ॥ (੪੨੯)

- ਜਿਨ ਅੰਤਰੇ ਰਾਮ ਨਾਮੁ ਵਸੈ ਤਿਨ ਚਿੰਤਾ ਸਭ ਗਵਾਇਆ ਰਾਮ॥
ਸਭਿ ਅਰਥਾ ਸਭਿ ਧਰਮ ਮਿਲੇ ਮਨਿ ਚਿੰਦਿਆ ਸੋ ਫਲੁ ਪਾਇਆ ਰਾਮ॥ (੪੪੩)

- ਕਰਣੀ ਕੁੰਗੂ ਜੇ ਰਲੈ ਘਟ ਅੰਤਰਿ ਪੂਜਾ ਹੋਇ॥ ਪੂਜਾ ਕੀਚੈ ਨਾਮੁ ਧਿਆਈਐ ਬਿਨੁ ਨਾਵੈ ਪੂਜ ਨ ਹੋਇ॥(੪੮੯)

- ਬਿਨੁ ਨਾਵੈ ਪੈਨਣੁ ਖਾਣੁ ਸਭੁ ਬਾਦਿ ਹੈ ਧਿਗੁ ਸਿਧੀ ਧਿਗੁ ਕਰਮਾਤਿ॥
ਨਾਨਕ ਗੁਰਮੁਖਿ ਹਰਿ ਨਾਮੁ ਮਨਿ ਵਸੈ ਏਹ ਸਿਧਿ ਏਹਾ ਕਰਮਾਤਿ॥ (੬੫੦)

- ਉਦਮੁ ਕਰਤ ਆਨਦੁ ਭਇਆ ਸਿਮਰਤ ਸੁਖ ਸਾਰੁ॥ ਜਪਿ ਜਪਿ ਨਾਮੁ ਗੋਬਿੰਦ ਕਾ ਪੂਰਨ ਬੀਚਾਰੁ॥ (੮੧੫)

- ਐਸਾ ਗਿਆਨੁ ਪਦਾਰਥੁ ਨਾਮੁ॥ ਗੁਰਮੁਖਿ ਪਾਵਸਿ ਰਸਿ ਰਸਿ ਮਾਨੁ॥ (੮੩੧)

- ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ॥ ਗੁਰਮੁਖਿ ਸਾਂਤਿ ਊਤਮ ਕਰਾਮੰ॥ (੮੩੧)

- ਸੰਤਹੁ ਗੁਰਮੁਖਿ ਪੂਰਾ ਪਾਈ॥ ਨਾਮੋ ਪੂਜ ਕਰਾਈ॥
ਬਿਨੁ ਨਾਵੈ ਹੋਰ ਪੂਜ ਨ ਹੋਵੀ ਭਰਮਿ ਭੁਲੀ ਲੋਕਾਈ॥ (੯੧੦)

- ਨਾਮੁ ਲੈਤ ਸਗਲ ਪੁਰਬਾਇਆ॥ ਨਾਮੁ ਲੈਤ ਅਠਸਠਿ ਮਜਨਾਇਆ॥
ਤੀਰਥੁ ਹਮਰਾ ਹਰਿ ਕੋ ਨਾਮੁ॥ ਗੁਰਿ ਉਪਦੇਸਿਆ ਤਤੁ ਗਿਆਨੁ॥ (੧੧੪੨)

- ਨਾਮੁ ਹਮਾਰੈ ਬੇਦ ਅਰੁ ਨਾਦ॥ ਨਾਮੁ ਹਮਾਰੈ ਪੂਰੇ ਕਾਜ॥
ਨਾਮੁ ਹਮਾਰੈ ਸਗਲ ਆਚਾਰ॥ ਨਾਮੁ ਹਮਾਰੈ ਨਿਰਮਲ ਬਿਉਹਾਰ॥
ਨਾਮੁ ਹਮਾਰੈ ਮਜਨ ਇਸਨਾਨੁ॥ ਨਾਮੁ ਹਮਾਰੈ ਪੂਰਨ ਦਾਨੁ॥ (੧੧੪੫)

- ਬੇਦ ਪੁਰਾਣ ਸਾਸਤ੍ਰ ਬੀਚਾਰੰ॥ ਏਕੰਕਾਰ ਨਾਮ ਉਰ ਧਾਰੰ॥ (੧੩੬੧)

(੨੯) ਅਰਦਾਸ ਨਾਮ ਜਪਣ ਵਿਚਿ ਖਾਸ ਸਹਾਇਤਾ ਕਰਦੀ ਹੈ

- ਕਰਉ ਅਰਦਾਸਿ ਅਪਨੇ ਸਤਿਗੁਰ ਪਾਸਿ॥ ਨਾਨਕ ਨਾਮੁ ਮਿਲੈ ਸਚੁ ਰਾਸਿ॥ (੧੯੨)

- ਕਰਿ ਕਿਰਪਾ ਪ੍ਰਭ ਅਪਨੀ ਦਾਤਿ॥ ਨਾਨਕ ਨਾਮੁ ਜਪੈ ਦਿਨ ਰਾਤਿ॥ (੧੯੨)

- ਕਰਿ ਕਿਰਪਾ ਦੀਜੈ ਪ੍ਰਭ ਦਾਨੁ॥ ਨਾਨਕ ਸਿਮਰੈ ਨਾਮੁ ਨਿਧਾਨੁ॥ (੧੯੩)

- ਦਾਸ ਅਪਨੇ ਕਉ ਦੀਜੈ ਦਾਨੁ॥ ਕਬਹੂ ਨ ਵਿਸਰੈ ਨਾਨਕ ਨਾਮੁ॥ (੧੭੮)

- ਅਨਦਿਨੁ ਜਪਉ ਨਾਮ ਗੁਣਤਾਸਿ॥ ਨਾਨਕ ਕੀ ਪ੍ਰਭ ਪਹਿ ਅਰਦਾਸਿ॥ (੩੮੯)

- ਇਕ ਨਾਨਕ ਕੀ ਅਰਦਾਸਿ ਜੇ ਤੁਧੁ ਭਾਵਸੀ॥ ਮੈ ਦੀਜੈ ਨਾਮ ਨਿਵਾਸੁ ਹਰਿ ਗੁਣ ਗਾਵਸੀ॥ (੭੫੨)

(੩੦) ਨਾਮ ਜਪਣ ਲਈ ਗੁਰੂ ਦੇ ਪਿਆਰ ਭਰੇ ਤਾਕੀਦੀ ਹੁਕਮ

- ਭਾਈ ਰੇ ਗੁਰਮੁਖਿ ਹਰਿ ਨਾਮੁ ਧਿਆਇ॥ (੩੦)

- ਮੇਰੇ ਮਨ ਹਰਿ ਕਾ ਨਾਮੁ ਧਿਆਇ॥ (੩੫)

- ਨਾਨਕ ਨਾਮੁ ਸਲਾਹਿ ਤੂ ਅੰਤੁ ਨ ਪਾਰਾਵਾਰੁ॥ (੩੬)

- ਮੇਰੇ ਮਨ ਹਰਿ ਹਰਿ ਨਾਮੁ ਧਿਆਇ॥ ਨਾਮੁ ਸਹਾਈ ਸਦਾ ਸੰਗਿ ਆਗੈ ਲਏ ਛਡਾਇ॥ (੪੫)

- ਮਨ ਮੇਰੇ ਰਾਮ ਨਾਮੁ ਜਪਿ ਜਾਪੁ॥ ਮਨ ਇਛੇ ਫਲ ਭੁੰਚਿ ਤੂ ਸਭੁ ਚੂਕੈ ਸੋਗੁ ਸੰਤਾਪੁ॥ (੪੮)

- ਮਨ ਰੇ ਗੁਰਮੁਖਿ ਨਾਮੁ ਧਿਆਇ॥ (੬੫)

- ਮਨ ਰੇ ਨਾਮੁ ਜਪਹੁ ਸੁਖੁ ਹੋਇ॥ (੬੭)

- ਮਨ ਪਿਆਰਿਆ ਜੀਉ ਮਿਤ੍ਰਾ ਗੋਬਿੰਦ ਨਾਮੁ ਸਮਾਲੇ॥ (੭੯)

- ਗੁਰਮੁਖਿ ਪ੍ਰਾਣੀ ਨਾਮੁ ਹਰਿ ਧਿਆਇ॥ ਜਨਮੁ ਜੀਤਿ ਲਾਹਾ ਨਾਮੁ ਪਾਇ॥ (੧੬੨)

- ਮੇਰੇ ਮਨ ਤੂ ਹਰਿ ਹਰਿ ਨਾਮੁ ਧਿਆਇ॥ ਸਤਗੁਰਿ ਮੋ ਕਉ ਹਰਿ ਦੀਆ ਬੁਝਾਇ॥ (੫੫੯)

- ਗੁਰਮੁਖਿ ਮਨ ਮੇਰੇ ਨਾਮੁ ਸਮਾਲਿ॥ ਸਦਾ ਨਿਬਹੈ ਚਲੈ ਤੇਰੈ ਨਾਲਿ॥ (੫੬੦)

- ਏ ਮਨ ਨਾਮੁ ਨਿਧਾਨੁ ਤੂ ਪਾਇ॥ ਆਪਣੇ ਗੁਰ ਕੀ ਮੰਨਿ ਲੈ ਰਜਾਇ॥ (੫੬੦)

- ਪ੍ਰਾਣੀ ਏਕੋ ਨਾਮੁ ਧਿਆਵਹੁ॥ ਅਪਨੀ ਪਤਿ ਸੇਤੀ ਘਰਿ ਜਾਵਹੁ॥ (੧੨੫੪)

- ਅਹਿਨਿਸਿ ਨਾਮੁ ਜਪਹੁ ਰੇ ਪ੍ਰਾਣੀ ਮੈਲੇ ਹਛੇ ਹੋਹੀ॥ (੧੨੫੪)

- ਮੇਰੇ ਮਨ ਹਰਿ ਅੰਮ੍ਰਿਤ ਨਾਮੁ ਧਿਆਇ॥
  ਸਤਿਗੁਰੁ ਪੁਰਖੁ ਮਿਲੈ ਨਾਉ ਪਾਈਐ ਹਰਿ ਨਾਮੇ ਸਦਾ ਸਮਾਇ॥ (੧੨੫੮)

- ਮਨ ਮੇਰੇ ਖਿਨੁ ਖਿਨੁ ਨਾਮੁ ਸਮ੍ਹਾਲਿ॥ ਗੁਰ ਕੀ ਦਾਤਿ ਸਬਦ ਸੁਖੁ ਅੰਤਰਿ ਸਦਾ ਨਿਬਹੈ ਤੇਰੈ ਨਾਲਿ॥ (੧੨੫੯)

- ਪ੍ਰਾਣੀ ਗੁਰਮੁਖਿ ਨਾਮੁ ਧਿਆਇ॥ ਜਨਮੁ ਪਦਾਰਥੁ ਦੁਬਿਧਾ ਖੋਇਆ ਕਉਡੀ ਬਦਲੈ ਜਾਇ॥ (੧੨੬੧)

- ਪ੍ਰਾਣੀ ਗੁਰਮੁਖਿ ਨਾਮੁ ਧਿਆਈ॥ ਹਰਿ ਹਰਿ ਕ੍ਰਿਪਾ ਕਰੇ ਗੁਰੁ ਮੇਲੇ ਹਰਿ ਹਰਿ ਨਾਮਿ ਸਮਾਈ॥ (੧੨੬੫)

- ਸਦਾ ਸਦਾ ਮਨ ਨਾਮੁ ਸਮ੍ਹਾਲਿ॥ ਗੁਰ ਪੂਰੇ ਕੀ ਸੇਵਾ ਪਾਇਆ ਐਥੈ ਓਥੈ ਨਿਬਹੈ ਨਾਲਿ॥ (੧੨੭੧)

- ਮਨ ਮੇਰੇ ਗੁਰੁ ਪੂਰਾ ਸਾਲਾਹਿ॥ ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ॥ (੧੨੭੧)

- ਮਨ ਮੇਰੇ ਹਰਿ ਹਰਿ ਨਾਮਿ ਚਿਤੁ ਲਾਇ॥ ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ॥(੧੨੭੬)

- ਜਪਿ ਮਨ ਰਾਮ ਨਾਮੁ ਸੁਖੁ ਪਾਵੈਗੋ॥ ਜਿਉ ਜਿਉ ਜਪੈ ਤਿਵੈ ਸੁਖੁ ਪਾਵੈ ਸਤਿਗੁਰੁ ਸੇਵਿ ਸਮਾਵੈਗੋ॥ (੧੩੦੮)

- ਜਪਿ ਮਨ ਹਰਿ ਹਰਿ ਨਾਮੁ ਤਰਾਵੈਗੋ॥ ਜੋ ਜੋ ਜਪੈ ਸੋਈ ਗਤਿ ਪਾਵੈ ਜਿਉ ਧ੍ਰੂ ਪ੍ਰਹਿਲਾਦੁ ਸਮਾਵੈਗੋ॥ (੧੩੦੮)

- ਬੋਲਹੁ ਸਚੁ ਨਾਮੁ ਕਰਤਾਰ॥ ਫੁਨਿ ਬਹੁੜਿ ਨ ਆਵਣ ਵਾਰ॥ (੧੩੨੯)

- ਹਰਿ ਹਰਿ ਨਾਮੁ ਜਪਹੁ ਮਨ ਮੀਤ॥ ਗੁਰੁ ਪੂਰਾ ਪਾਈਐ ਵਡਭਾਗੀ ਨਿਰਮਲ ਪੂਰਨ ਰੀਤਿ॥ (੧੩੩੯)

- ਮਨ ਮੇਰੇ ਗੁਰਮੁਖਿ ਨਾਮੁ ਧਿਆਇ॥ ਜਿਤੁ ਮਾਰਗਿ ਹਰਿ ਪਾਈਐ ਮਨ ਸੇਈ ਕਰਮ ਕਮਾਇ॥ (੧੩੪੬)

(੩੧) ਨਾਮ ਜਪਣ ਹਾਰਿਆਂ ਤੋਂ ਗੁਰੂ ਕੁਰਬਾਣ

- ਹਉ ਵਾਰੀ ਜੀਉ ਵਾਰੀ ਹਰਿ ਕਾ ਨਾਮੁ ਮੰਨਿ ਵਸਾਵਣਿਆ॥ (੧੧੦)

- ਹਉ ਵਾਰੀ ਜੀਉ ਵਾਰੀ ਹਰਿ ਕੈ ਨਾਇ ਸੋਭਾ ਪਾਵਣਿਆ॥ (੧੧੧)

- ਹਉ ਵਾਰੀ ਜੀਉ ਵਾਰੀ ਸਚਾ ਨਾਮੁ ਮੰਨਿ ਵਸਾਵਣਿਆ॥ (੧੧੬)

- ਹਉ ਵਾਰੀ ਜੀਉ ਵਾਰੀ ਰਾਮ ਨਾਮੁ ਮੰਨਿ ਵਸਾਵਣਿਆ॥ (੧੨੦)

- ਹਉ ਵਾਰੀ ਜੀਉ ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ॥ (੧੨੪)

- ਹਉ ਵਾਰੀ ਜੀਉ ਵਾਰੀ ਨਿਰੰਕਾਰੀ ਨਾਮੁ ਧਿਆਵਣਿਆ॥ (੧੨੯)

- ਜਿਨੀ ਪੁਰਖੀ ਹਰਿ ਨਾਮਿ ਚਿਤੁ ਲਾਇਆ ਤਿਨ ਕੈ ਹੰਉ ਲਾਗਉ ਪਾਏ॥ (੫੮੫)

- ਤਿਨਾ ਗੁਰਸਿਖਾ ਕੰਉ ਹਉ ਵਾਰਿਆ ਜੋ ਬਹਦਿਆ ਉਠਦਿਆ ਹਰਿ ਨਾਮੁ ਧਿਆਵਹਿ॥ (੫੯੦)